
People's Herald

Rs- 160/month

People's Herald



# “ਇਕੁਐਲਿਟੀ ਐਂਡ ਜਸਟਿਸ”



https://www.facebook.com/profile.php?id=161037521061610

ਪਟਿਆਲਾ

“Equality and Justice”

स्वतंत्रता, समानता, भाईचारा

PATIALA On line paper 15 ਦਸੰਬਰ 2025 ਸੋਮਵਾਰ “ਰੋਜ਼ਾਨਾ” ਚੌਥਾ ਸਾਲ w.e.f. 15 August 2022 ਪਟਿਆਲਾ


ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay91-9463601616 HARDIP SINGH STATE BANK OF INDIA ACCT NO-10566643658 . IFSC- SBIN0050773

ਭਾਰਤ ਦੇ ਸੰਵਿਧਾਨ ਦੇ ਨਿਰਮਾਣ ਦਾ ਸਫਰ ਦੇਖਦੇ ਰਹੋ ਹਰ ਰੋਜ਼ https://www.youtube.com/@erhardipsinghchumber,ਯੁਟਿਊਬ ਚੈਨਲ ‘ਤੇ




## ਪੰਜਾਬ ਨੇ ਰਾਸ਼ਟਰੀ ਊਰਜਾ ਸੰਭਾਲ ਪੁਰਸਕਾਰਾਂ-2025 ਦੇ ਸੂਬਿਆਂ ਦੀ ਕਾਰਗੁਜ਼ਾਰੀ ਵਰਗ ਵਿਚ ਦੇਸ਼ ਭਰ ਵਿਚੋਂ ਦੂਜਾ ਸਥਾਨ ਕੀਤਾ ਹਾਸਲ

### ਕੈਬਨਿਟ ਮੰਤਰੀ ਅਮਨ ਅਰੋੜਾ ਨੇ ਰਾਸ਼ਟਰੀ ਊਰਜਾ ਸੰਭਾਲ ਪੁਰਸਕਾਰ 2025 ਸਮਾਰੋਹ ਦੌਰਾਨ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਪਾਸੋਂ ਪ੍ਰਾਪਤ ਕੀਤਾ ਪੁਰਸਕਾਰ , ਊਰਜਾ ਸਮਰਥਾ ਵਧੇ ਅਤੇ ਸੰਭਾਲ ਲਈ ਪੰਜਾਬ ਸਰਕਾਰ ਦੇ ਮਿਸਾਲੀ ਯਤਨਾਂ ਨੂੰ ਰਾਸ਼ਟਰੀ ਪੱਧਰ ‘ਤੇ ਮਿਲੀ ਮਾਨਤਾ- ਅਮਨ ਅਰੋੜਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 14 ਦਸੰਬਰ
INTERNATIONAL PAPER, 94636 01616
hardipchumber57@gmail.com

ਊਰਜਾ ਸਮਰੱਥਾ ਵਧੇ ਅਤੇ ਊਰਜਾ ਸੰਭਾਲ ਦੇ ਖੇਤਰ ਵਿੱਚ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਮਿਸਾਲੀ ਉਪਰਾਲਿਆਂ ਨੂੰ ਰਾਸ਼ਟਰੀ ਪੱਧਰ ‘ਤੇ ਵੱਡੀ ਮਾਨਤਾ ਮਿਲੀ ਹੈ। ਪੰਜਾਬ ਸੂਬੇ ਨੇ ਰਾਸ਼ਟਰੀ ਊਰਜਾ ਸੰਭਾਲ ਪੁਰਸਕਾਰ–2025 ਵਿੱਚ ਸੂਬਿਆਂ ਦੀ ਕਾਰਗੁਜ਼ਾਰੀ ਵਰਗ ਤਹਿਤ ਦੇਸ਼ ਭਰ ਵਿਚੋਂ ਦੂਜਾ ਸਥਾਨ ਹਾਸਲ ਕਰਕੇ ਆਪਣੀ ਊਰਜਾ ਨੀਤੀ ਦੀ ਸਫਲਤਾ ਸਾਬਤ ਕੀਤੀ ਹੈ।

ਇਹ ਵੱਕਾਰੀ ਪੁਰਸਕਾਰ ਨਵੇਂ ਅਤੇ ਨਵਿਆਉਣਯੋਗ ਊਰਜਾ ਸਰੋਤਾਂ ਬਾਰੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਦਿੱਲੀ ਦੇ ਵਿਗਿਆਨ ਭਵਨ



ਵਿੱਚ ਹੋਏ ਸਮਾਰੋਹ ਦੌਰਾਨ ਰਾਸ਼ਟਰਪਤੀ ਸ਼੍ਰੀਮਤੀ ਦਰੌਪਦੀ ਮੁਰਮੂ ਤੋਂ ਪ੍ਰਾਪਤ ਕੀਤਾ। ਪੁਰਸਕਾਰ ਪ੍ਰਾਪਤੀ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਸ਼੍ਰੀ ਅਰੋੜਾ ਨੇ ਕਿਹਾ ਕਿ ਇਸ ਸਨਮਾਨ ਨਾਲ ਪੰਜਾਬ ਦੇਸ਼ ਦੇ ਉਨ੍ਹਾਂ ਅਗੇਤੀ ਸੂਬਿਆਂ ਵਿੱਚ ਸ਼ਾਮਲ ਹੋ ਗਿਆ ਹੈ, ਜੋ ਊਰਜਾ ਸਮਰੱਥਾ ਅਤੇ ਸੰਭਾਲ ਦੇ ਖੇਤਰ ਵਿੱਚ ਪ੍ਰਭਾਵਸ਼ਾਲੀ ਕੰਮ ਕਰ ਰਹੇ ਹਨ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਖੇਤੀਬਾੜੀ ਖੇਤਰ ਵਿੱਚ ਹੁਣ ਤੱਕ 18,000 ਸੂਰਜੀ ਊਰਜਾ ਚਲਿਤ ਪੰਪ ਲਗਾਏ ਜਾ ਚੁੱਕੇ ਹਨ, ਜਿਸ ਨਾਲ ਕਿਸਾਨਾਂ ਨੂੰ ਸਸਤੀ ਤੇ ਟਿਕਾਊ ਬਿਜਲੀ ਉਪਲਬਧ ਹੋ ਰਹੀ ਹੈ। ਇਸ ਦੇ ਨਾਲ ਹੀ ਛੋਟੇ ਅਤੇ ਦਰਮਿਆਨੇ ਉਦਯੋਗਿਕ ਯੂਨਿਟਾਂ ਤਹਿਤ ਵੇਰਕਾ ਪਲਾਂਟਾਂ ਵਿੱਚ 185 ਊਰਜਾ-ਕੁਸ਼ਲ ਮੋਟਰਾਂ ਸਥਾਪਿਤ ਕੀਤੀਆਂ ਗਈਆਂ ਹਨ। ਸਰਕਾਰੀ ਇਮਾਰਤਾਂ ‘ਤੇ 35 ਮੈਗਾਵਾਟ ਸਮਰੱਥਾ ਦੇ ਰੂਫਟਾਪ ਸੌਰ ਪ੍ਰਾਜੈਕਟ ਵੀ ਸਫਲਤਾਪੂਰਵਕ ਲਾਗੂ ਕੀਤੇ ਗਏ ਹਨ।

ਸ਼੍ਰੀ ਅਰੋੜਾ ਨੇ ਦੱਸਿਆ ਕਿ ਸੂਬੇ ਵਿੱਚ ਪੰਜਾਬ ਊਰਜਾ ਸੰਭਾਲ ਬਿਲਡਿੰਗ ਕੋਡ (ECBC) ਨੂੰ ਨੋਟੀਫਾਈ ਕਰਕੇ ਇਮਾਰਤੀ ਨਿਯਮਾਂ ਨੂੰ ਭਵਿੱਖੀ ਲੋੜਾਂ ਅਨੁਸਾਰ ਲਾਗੂ ਕੀਤਾ ਜਾ ਰਿਹਾ ਹੈ। ਹੁਣ ਤੱਕ 850 ਤੋਂ ਵੱਧ ਇਮਾਰਤਾਂ ਨੂੰ ਇਸ ਕੋਡ ਅਧੀਨ ਲਿਆਂਦਾ ਜਾ ਚੁੱਕਾ ਹੈ। ਇਨ੍ਹਾਂ ਸਭ ਯਤਨਾਂ ਨਾਲ ਹੁਣ ਤੱਕ 12,000 ਮਿਲੀਅਨ ਯੂਨਿਟ ਬਿਜਲੀ ਦੀ ਬਚਤ ਸੰਭਵ ਹੋਈ ਹੈ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਵਧ ਰਹੀ ਬਿਜਲੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਸੂਰਜੀ, ਪਣ-ਬਿਜਲੀ ਅਤੇ ਬਾਇਓਮਾਸ ਵਰਗੀਆਂ ਨਵਿਆਉਣਯੋਗ ਊਰਜਾ ਵਿਧੀਆਂ ਅਪਣਾਉਣਾ ਸਮੇਂ ਦੀ ਮੁੱਖ ਲੋੜ ਹੈ, ਜੋ ਵਾਤਾਵਰਣ ਸੰਭਾਲ ਦੇ ਨਾਲ-ਨਾਲ ਟਿਕਾਊ ਵਿਕਾਸ ਨੂੰ ਯਕੀਨੀ ਬਣਾਉਣਗੀਆਂ।

## ਪੰਜਾਬ ਵਿੱਚ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਲਈ ਵੋਟਿੰਗ ਪ੍ਰੀਕਿਰਿਆ ਮੁਕੰਮਲ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 14 ਦਸੰਬਰ
INTERNATIONAL PAPER, 94636 01616
hardipchumber57@gmail.com

ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਲਈ ਵੋਟਿੰਗ ਪ੍ਰੀਕਿਰਿਆ ਪੂਰੀ ਹੋ ਚੁੱਕੀ ਹੈ। ਵੋਟਿੰਗ ਸਵੇਰੇ 8 ਵਜੇ ਸ਼ੁਰੂ ਹੋਈ ਅਤੇ ਸ਼ਾਮ 4 ਵਜੇ ਤੱਕ ਜਾਰੀ ਰਹੀ। ਲੋਕਾਂ ਨੇ ਬੈਲਟ ਪੇਪਰ ਦੀ ਵਰਤੋਂ ਕਰਕੇ ਆਪਣੀ ਵੋਟ ਪਾਈ। ਹੁਣ 17 ਦਸੰਬਰ ਨੂੰ ਚੋਣ ਨਤੀਜੇ ਐਲਾਨੇ ਜਾਣਗੇ।

ਇਸ ਦੇ ਨਾਲ ਹੀ 23 ਜ਼ਿਲ੍ਹਿਆਂ ਵਿੱਚ 347 ਜ਼ਿਲ੍ਹਾ ਪ੍ਰੀਸ਼ਦਾਂ ਅਤੇ 2,838 ਬਲਾਕ ਕਮੇਟੀਆਂ ਲਈ ਵੋਟਿੰਗ ਹੋਈ। ਕੁੱਲ 9,775 ਉਮੀਦਵਾਰਾਂ ਦੀ ਕਿਸਮਤ ਵੋਟ ਬਾਕਸ ਵਿੱਚ ਸੀਲ ਹੋ ਗਈ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੰਗਰੂਰ ਦੇ ਪਿੰਡ ਮੰਗਵਾਲ ਵਿੱਚ ਆਪਣੀ ਵੋਟ ਪਾਈ। ਇਸ ਮੌਕੇ ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਉਸ ਉਮੀਦਵਾਰ ਨੂੰ ਵੋਟ ਪਾਉਣ ਜਿਸ ਨੂੰ ਉਹ ਸਭ ਤੋਂ ਵੱਧ ਪਸੰਦ ਕਰਦੇ ਹਨ। ਇਹ ਚੋਣਾਂ ਸਥਾਨਕ ਮੁੱਦਿਆਂ ‘ਤੇ ਲੜੀਆਂ ਜਾਂਦੀਆਂ ਹਨ। ਇਸ ਨਾਲ ਪਿੰਡ ਦੇ ਵਿਕਾਸ ਨੂੰ ਹੁਲਾਰਾ ਮਿਲਦਾ ਹੈ।



ਜ਼ਿਕਰਯੋਗ ਹੈ ਕਿ ਐਤਵਾਰ ਸਵੇਰ ਤੋਂ ਹੀ ਅੱਜ ਕਈ ਇਲਾਕਿਆਂ ‘ਚ ਸੰਘਣੀ ਧੁੰਦ ਛਾਈ ਹੋਈ ਸੀ ਪਰ ਇਸ ਨਾਲ ਵੋਟਰਾਂ ਦੇ ਉਤਸ਼ਾਹ ‘ਚ ਕੋਈ ਕਮੀ ਨਹੀਂ ਆਈ। ਧੁੰਦ ਅਤੇ ਠੰਡ ਦੇ ਬਾਵਜੂਦ ਵੱਖ-ਵੱਖ ਪਿੰਡਾਂ ‘ਚ ਵੋਟਰ ਸਵੇਰੇ 8 ਵਜੇ ਤੋਂ ਹੀ ਪੋਲਿੰਗ ਸਟੇਸ਼ਨਾਂ ‘ਤੇ ਪਹੁੰਚਣੇ ਸ਼ੁਰੂ ਹੋ ਗਏ। ਬਹੁਤ ਸਾਰੇ ਪੋਲਿੰਗ ਸਟੇਸ਼ਨਾਂ ‘ਤੇ ਲੰਬੀਆਂ ਕਤਾਰਾਂ ਸਵੇਰੇ 8 ਵਜੇ ਤੋਂ ਹੀ ਦੇਖਣ ਨੂੰ ਮਿਲੀਆਂ, ਜੋ ਕਿ ਲੋਕਤੰਤਰੀ ਪ੍ਰਕਿਰਿਆ ‘ਚ ਸਰਗਰਮੀ ਨਾਲ ਹਿੱਸਾ ਲੈਣ ਦੀ ਮਜ਼ਬੂਤ ਵਚਨਬੱਧਤਾ ਨੂੰ ਸਪੱਸ਼ਟ ਤੌਰ ‘ਤੇ ਦਰਸਾਉਂਦੀਆਂ ਹਨ। ਪ੍ਰਸ਼ਾਸਨ ਵਲੋਂ ਵੀ ਵੋਟਾਂ ਦੇ ਮੱਦੇਨਜ਼ਰ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਸੰਵੇਦਨਸ਼ੀਲ ਅਤੇ ਅਤਿ-ਸੰਵੇਦਨਸ਼ੀਲ ਪੋਲਿੰਗ ਸਟੇਸ਼ਨਾਂ ‘ਤੇ ਵਾਧੂ ਪੁਲਸ ਬਲ ਤਾਇਨਾਤ ਕੀਤੇ ਗਏ ਸਨ।

## ਚੋਣ ਕਮਿਸ਼ਨ ਵੱਲੋਂ ਚਾਰ ਥਾਵਾਂ ਤੇ ਮੁੜ ਪੋਲਿੰਗ ਦੇ ਹੁਕਮ

### ਦੁਬਾਰਾ ਵੋਟ ਪਾਉਣ ਦੀ ਪ੍ਰਕਿਰਿਆ ਹੁਣ ਮੰਗਲਵਾਰ ਨੂੰ ਹੋਵੇਗੀ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 14 ਦਸੰਬਰ
INTERNATIONAL PAPER, 94636 01616
hardipchumber57@gmail.com

ਪੰਜਾਬ ਰਾਜ ਚੋਣ ਕਮਿਸ਼ਨ ਨੇ ਪੰਜਾਬ ਨੇ ਚਾਰ ਥਾਵਾਂ - ਚਾਹੀਆਂ (ਗੁਰਦਾਸਪੁਰ), ਬਬਾਣੀਆਂ (ਮੁਕਤਸਰ), ਮੰਧੀਰ (ਮੁਕਤਸਰ) ਅਤੇ ਚੰਨਣਵਾਲ (ਬਰਨਾਲਾ) ‘ਤੇ ਦੁਬਾਰਾ ਪੋਲਿੰਗ ਕਰਾਉਣ ਦੇ ਹੁਕਮ ਦਿੱਤੇ ਹਨ।

ਚੋਣ ਕਮਿਸ਼ਨ ਨੇ ਪ੍ਰੀਜ਼ਾਈਡਿੰਗ ਅਫ਼ਸਰਾਂ ਦੀ ਰਿਪੋਰਟ ਮਗਰੋਂ ਇਹ ਫੈਸਲਾ ਲਿਆ ਹੈ । ਕਮਿਸ਼ਨ ਨੇ ਬੈਲਟ ਪੇਪਰਾਂ ਨਾਲ ਭੱਜਣ ਅਤੇ ਬੂਥਾਂ ‘ਤੇ ਕਬਜ਼ਾ ਕਰਨ ਦੀਆਂ ਸ਼ਿਕਾਇਤਾਂ ਮਿਲਣ ਤੋਂ ਬਾਅਦ ਦੁਬਾਰਾ ਚੋਣ ਕਰਾਉਣ ਦੇ ਹੁਕਮ ਦਿੱਤੇ ਹਨ। ਦੁਬਾਰਾ ਵੋਟ ਪਾਉਣ ਦੀ ਪ੍ਰਕਿਰਿਆ ਹੁਣ ਮੰਗਲਵਾਰ ਨੂੰ ਹੋਵੇਗੀ।

## 1,000 ਕਰੋੜ ਦਾ ਗਬਨ: 4 ਚੀਨੀਆਂ ਸਮੇਤ 17ਵਿਰੁੱਧ ਚਾਰਜਸ਼ੀਟ ਦਾਇਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 14 ਦਸੰਬਰ
INTERNATIONAL PAPER, 94636 01616
hardipchumber57@gmail.com

ਸੀ ਬੀ ਆਈ (CBI) ਨੇ ਇੱਕ ਵੱਡੇ ਅੰਤਰ-ਰਾਸ਼ਟਰੀ ਸਾਈਬਰ ਧੋਖਾਧੜੀ ਨੈੱਟਵਰਕ ਦੇ ਮਾਮਲੇ ਵਿੱਚ 17 ਵਿਅਕਤੀਆਂ ਅਤੇ 58 ਕੰਪਨੀਆਂ ਦੇ ਖ਼ਿਲਾਫ਼ ਚਾਰਜਸ਼ੀਟ ਦਾਇਰ ਕੀਤੀ ਹੈ। ਇਨ੍ਹਾਂ ਦੋਸ਼ੀਆਂ ਵਿੱਚ ਚਾਰ ਚੀਨੀ ਨਾਗਰਿਕ ਵੀ ਸ਼ਾਮਲ ਹਨ। ਜਾਂਚ ਏਜੰਸੀ ਮੁਤਾਬਕ, ਇਸ ਗਿਰੋਹ ਨੇ ਸ਼ੈੱਲ ਕੰਪਨੀਆਂ ਅਤੇ ਡਿਜੀਟਲ ਧੋਖਾਧੜੀ ਦੇ ਇਕ ਵਿਸ਼ਾਲ ਜਾਲ ਰਾਹੀਂ 1,000 ਕਰੋੜ ਰੁਪਏ ਤੋਂ ਵੱਧ ਦੀ ਨਾਜਾਇਜ਼ ਕਮਾਈ ਕੀਤੀ। ਅਕਤੂਬਰ ਵਿੱਚ ਇਸ ਰੈਕੇਟ ਦੇ ਪਰਦਾਫਾਸ਼ ਤੋਂ ਬਾਅਦ ਸੀਬੀਆਈ ਦੀ ਜਾਂਚ ਵਿੱਚ ਸਾਹਮਣੇ ਆਇਆ ਕਿ ਇਹ ਸਿੰਡੀਕੇਟ ਬਹੁਤ ਹੀ ਸੁਚੱਜੇ ਢੰਗ ਨਾਲ ਕੰਮ ਕਰ ਰਿਹਾ ਸੀ। ਗਿਰੋਹ ਵੱਲੋਂ ਗੁੰਮਰਾਹਕੁੰਨ ਕਰਜ਼ਾ ਅਰਜ਼ੀਆਂ, ਜਾਅਲੀ ਨਿਵੇਸ਼ ਸਕੀਮਾਂ, ਪੌਂਜ਼ੀ ਅਤੇ ਮਲਟੀ-ਲੈਵਲ ਮਾਰਕੀਟਿੰਗ ਯੋਜਨਾਵਾਂ, ਨਕਲੀ ਪਾਰਟ-ਟਾਈਮ ਨੌਕਰੀ ਦੀਆਂ ਪੇਸ਼ਕਸ਼ਾਂ ਅਤੇ ਧੋਖੇਬਾਜ਼ ਆਨਲਾਈਨ ਗੇਮਿੰਗ ਪਲੇਟਫਾਰਮ ਚਲਾਏ ਜਾ ਰਹੇ ਸਨ।

ਸੀਬੀਆਈ ਦੀ ਅੰਤਿਮ ਰਿਪੋਰਟ ਅਨੁਸਾਰ, ਦੋਸ਼ੀਆਂ ਨੇ 111 ਸ਼ੈੱਲ ਕੰਪਨੀਆਂ ਰਾਹੀਂ ਨਾਜਾਇਜ਼ ਫੰਡਾਂ ਦਾ ਲੈਣ-ਦੇਣ ਕੀਤਾ। ‘ਮਿਊਲ ਅਕਾਊਂਟਸ’ ਦੀ ਵਰਤੋਂ ਕਰਕੇ ਲਗਭਗ 1,000 ਕਰੋੜ ਰੁਪਏ ਰੂਟ ਕੀਤੇ ਗਏ, ਜਦਕਿ ਇੱਕ ਹੀ ਖਾਤੇ ਵਿੱਚ ਥੋੜ੍ਹੇ ਸਮੇਂ ਵਿੱਚ 152 ਕਰੋੜ ਰੁਪਏ ਤੋਂ ਵੱਧ ਦੀ ਰਕਮ ਆਈ। ਏਜੰਸੀ ਨੇ ਦੱਸਿਆ ਕਿ ਸ਼ੈੱਲ ਕੰਪਨੀਆਂ ਨੂੰ ਡਮੀ ਡਾਇਰੈਕਟਰਾਂ, ਜਾਅਲੀ ਦਸਤਾਵੇਜ਼ਾਂ, ਨਕਲੀ ਪਤਿਆਂ ਅਤੇ ਗਲਤ ਕਾਰੋਬਾਰੀ ਉਦੇਸ਼ ਦਰਸਾ ਕੇ ਰਜਿਸਟਰ ਕੀਤਾ ਗਿਆ ਸੀ।

# ਪੰਚਾਇਤ ਸੰਮਤੀ ਵਿੱਚ 340 ਉਮੀਦਵਾਰ ਬਿਨਾਂ ਮੁਕਾਬਲਾ ਚੁਣੇ ਗਏ

“Equality and justice”
Patiala 14 December
INTERNATIONAL PAPER, 94636 01616
hardipchumber57@gmail.com

ਚੰਡੀਗੜ੍ਹ, 14 ਨਵੰਬਰ 2025: ਮੁੱਖ ਮੰਤਰੀ ਭਗਵੰਤ ਮਾਨ ਨੇ ਪ੍ਰੈਸ ਕਾਨਫਰੰਸ ਦੌਰਾਨ ਕਿਹਾ ਕਿ ਪੰਚਾਇਤ ਸੰਮਤੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ 340 ਉਮੀਦਵਾਰ ਬਿਨਾਂ ਮੁਕਾਬਲਾ ਚੁਣੇ ਗਏ ਹਨ। ਇਸ ਤੋਂ ਇਲਾਵਾ, ਤਿੰਨ ਕਾਂਗਰਸੀ ਉਮੀਦਵਾਰ ਅਤੇ ਅੱਠ ਆਜ਼ਾਦ ਉਮੀਦਵਾਰ ਵੀ ਬਿਨਾਂ ਮੁਕਾਬਲਾ ਜਿੱਤੇ ਹਨ। ਮੁੱਖ ਮੰਤਰੀ ਨੇ ਵਿਰੋਧੀ ਪਾਰਟੀਆਂ ਦੇ ਦੋਸ਼ਾਂ ਨੂੰ ਸਪੱਸ਼ਟ ਤੌਰ 'ਤੇ ਰੱਦ ਕਰ ਦਿੱਤਾ ਕਿ ਨਾਮਜ਼ਦਗੀਆਂ ਦਾਖਲ ਨਹੀਂ ਹੋਣ ਦਿੱਤੀਆਂ ਗਈਆਂ ਜਾਂ ਰੱਦ ਕੀਤੀਆਂ ਜਾ ਰਹੀਆਂ ਹਨ।

ਖੁਫੀਆ ਜਾਣਕਾਰੀ ਅਤੇ ਪੁਲਿਸ ਵਿਭਾਗ ਦੀਆਂ ਰਿਪੋਰਟਾਂ ਦੇ ਆਧਾਰ 'ਤੇ, ਚੋਣ ਕਮਿਸ਼ਨ ਨੇ ਰਾਜ ਦੇ 860 ਪੋਲਿੰਗ ਸਟੇਸ਼ਨਾਂ ਨੂੰ ਅਤਿ ਸੰਵੇਦਨਸ਼ੀਲ ਅਤੇ 3,405 ਨੂੰ ਸੰਵੇਦਨਸ਼ੀਲ ਐਲਾਨਿਆ ਹੈ। ਇਨ੍ਹਾਂ ਸਾਰੇ ਕੇਂਦਰਾਂ 'ਤੇ ਵਾਧੂ ਪੁਲਿਸ ਬਲ ਤਾਇਨਾਤ ਕੀਤੇ ਗਏ ਹਨ।

# ਲੁਧਿਆਣਾ ਪੁਲਿਸ ਵੱਲੋਂ ਤਿੰਨ ਅਗਵਾਕਾਰ ਅਸਲੇ ਤੇ ਇਨੋਵਾ ਗੱਡੀ ਸਮੇਤ ਗਿਰਫਤਾਰ, ਚੌਥਾ ਫਰਾਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 14 ਦਸੰਬਰ
INTERNATIONAL PAPER, 94636 01616
hardipchumber57@gmail.com



ਲੁਧਿਆਣਾ 13 ਦਸੰਬਰ 2025- ਕਮਿਸ਼ਨਰ ਪੁਲਿਸ ਲੁਧਿਆਣਾ ਸਵਪਨ ਸ਼ਰਮਾ IPS ਵੱਲੋਂ ਪ੍ਰੈਸ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਗਿਆ ਕਿ ਮਿਤੀ 11/12/2025 ਨੂੰ ਦੇਰ ਰਾਤ ਥਾਣਾ ਹੈਬੋਵਾਲ ਦੇ ਏਰੀਆ ਵਿੱਚੋਂ ਇੱਕ ਲੜਕੇ ਨੂੰ ਅਗਵਾ ਕਰਕੇ ਆਪਣੇ ਨਾਲ ਲਿਜਾਣ ਸਬੰਧੀ ਵਾਰਦਾਤ ਹੋਣ ਦੀ ਇਤਲਾਹ ਮਿਲੀ ਜਿਸ ਵਿੱਚ ਸਤਵਿੰਦਰ ਸਿੰਘ ਪੁੱਤਰ ਰਘਵੀਰ ਸਿੰਘ ਵਾਸੀ ਰਣਜੋਧ ਪਾਰਕ ਹੈਬੋਵਾਲ ਕਲਾਂ ਨੇ ਦੱਸਿਆ ਕਿ ਮੇਰਾ ਲੜਕਾ ਕਮਲਜੀਤ ਸਿੰਘ ਉਮਰ ਕਰੀਬ 25 ਸਾਲ ਜੋ ਚੰਡੀਗੜ੍ਹ ਵਿਖੇ ਮੋਬਾਇਲਾਂ ਦਾ ਕੰਮ ਕਰਦਾ ਹੈ, ਨੂੰ ਦੇਰ ਰਾਤ ਉਸਦੇ ਘਰ ਤੋਂ ਚਾਰ ਲੜਕੇ ਪਿਸਟਲ ਦੀ ਨੋਕ 'ਤੇ ਇਨੋਵਾ ਗੱਡੀ ਵਿੱਚ 5 ਲੱਖ ਰੁਪਏ ਦੀ ਫਿਰੌਤੀ ਮੰਗਦੇ ਹੋਏ ਅਗਵਾ ਕਰਕੇ ਲੈ ਗਏ ਹਨ। ਜਿਸ 'ਤੇ ਤੁਰੰਤ ਐਕਸ਼ਨ ਲੈਂਦੇ ਹੋਏ ਕੰਵਲਪ੍ਰੀਤ ਸਿੰਘ ਚਾਹਲ ਏ.ਡੀ.ਸੀ.ਪੀ ਜੋਨ 03 ਦੀ ਨਿਗਰਾਨੀ ਹੇਠ ਮੁੱਖ ਅਫਸਰ ਥਾਣਾ ਹੈਬੋਵਾਲ ਇੰਸਪੈਕਟਰ ਵਰਿੰਦਰ ਪਾਲ ਸਿੰਘ ਵੱਲੋਂ ਵੱਖ-ਵੱਖ ਟੀਮਾਂ ਬਣਾ ਕੇ ਸੀ.ਸੀ.ਟੀ.ਵੀ ਕੈਮਰਿਆਂ ਨੂੰ ਚੈੱਕ ਕਰਦੇ ਹੋਏ ਅਤੇ ਟੈਕਨੀਕਲ ਮਦਦ ਲੈਂਦੇ ਹੋਏ ਦੋਸ਼ੀਆਂ ਦੀ ਤਲਾਸ਼ ਕਰਨੀ ਸ਼ੁਰੂ ਕੀਤੀ ਗਈ। ਜਿਸਦੀ ਲੜੀ ਵਿੱਚ ਅੰਮ੍ਰਿਤਸਰ ਦਿਹਾਤੀ ਪੁਲਿਸ ਨਾਲ ਤਾਲਮੇਲ ਕਰਕੇ ਥਾਣਾ ਜੰਡਿਆਲਾ ਗੁਰੂ ਦੇ ਏਰੀਆ ਵਿੱਚੋਂ ਮੁਕੱਦਮਾ ਉਕਤ ਦੇ ਦੋਸ਼ੀਆਂ ਨੂੰ ਸਮੇਤ ਇਨੋਵਾ ਗੱਡੀ, ਪਿਸਟਲ ਅਤੇ ਜਿੰਦਾ ਰੌਂਦ ਦੇ ਕਾਬੂ ਕਰਕੇ ਗ੍ਰਿਫਤਾਰ ਕੀਤਾ ਗਿਆ ਅਤੇ ਅਗਵਾ ਕੀਤੇ ਲੜਕੇ ਨੂੰ ਬ੍ਰਾਮਦ ਕਰਕੇ ਵਾਰਸਾਂ ਹਵਾਲੇ ਕੀਤਾ ਗਿਆ ਅਤੇ ਜਿਸ 'ਤੇ ਮੁਕੱਦਮਾ 224 ਮਿਤੀ 12/12/2025 ਅ/ਧ 140(2), 332, 308(4), 3(5) ਬੀ .ਐਨ. ਐ ਸ . 2 5 / 2 7 / 5 4 / 5 9 ਆਰਮਜ਼ ਐਕਟ ਥਾਣਾ ਹੈਬੋਵਾਲ ਕਮਿਸ਼ਨਰੇਟ ਲੁਧਿਆਣਾ ਦਰਜ ਰਜਿਸਟਰ ਹੋਣ 'ਤੇ ਅੰਗਦੀਪ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀ ਮਕਾਨ ਨੰ 104 ਅੰਤਰਜਾਮੀ ਕਲੋਨੀ ਸੁਲਤਾਨ ਵਿੰਡ ਰੋਡ ਅੰਮ੍ਰਿਤਸਰ, ਕਰਮਵੀਰ ਸਿੰਘ ਉਰਫ ਕਰਨ ਪੁੱਤਰ ਅੰਗਰੇਜ਼ ਸਿੰਘ ਵਾਸੀ ਪਿੰਡ ਬੇਗ਼ਮ ਥਾਣਾ ਨਿੰਮ ਗਾਓਂ ਜ਼ਿਲਾ ਲਖੀਮਪੁਰ ਖੀਰੀ ਯੂ.ਪੀ, ਰਾਕੇਸ਼ ਕੁਮਾਰ ਉਰਫ ਕੈਟੀ ਪੁੱਤਰ ਰਾਜ ਕੁਮਾਰ ਵਾਸੀ ਕਟੜਾ ਜੈਮਲ ਸਿੰਘ, ਬਿਜਲੀ ਚੌਂਕ ਅੰਮ੍ਰਿਤਸਰ ਨੂੰ ਗ੍ਰਿਫਤਾਰ ਕਰਕੇ ਸਫਲਤਾ ਹਾਸਲ ਕੀਤੀ। ਦੋਸ਼ੀਆਂ ਨੂੰ ਅੱਜ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਦੋਸ਼ੀਆਂ ਪਾਸੋਂ ਹੋਰ ਵੀ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ। ਰਹਿੰਦੇ ਦੋਸ਼ੀ ਅਕਸ਼ੇ ਕੁਮਾਰ ਵਾਸੀ ਅੰਮ੍ਰਿਤਸਰ ਨੂੰ ਜਲਦੀ ਗ੍ਰਿਫਤਾਰ ਕਰ ਲਿਆ ਜਾਵੇਗਾ।

# ਘਰੇਲੂ ਤਾਂਬਾ ਉਦਯੋਗ ਨੇ ਸਸਤੀ ਆਯਾਤ ਉਤੇ ਚਿੰਤਾ ਕੀਤੀ ਜ਼ਾਹਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 14 ਦਸੰਬਰ
INTERNATIONAL PAPER, 94636 01616
hardipchumber57@gmail.com



ਨਵੀਂ ਦਿੱਲੀ: ਉਦਯੋਗ ਸੰਸਥਾ ਆਈ.ਪੀ.ਸੀ.ਪੀ.ਏ. ਨੇ ਕਿਹਾ ਹੈ ਕਿ ਕਈ ਮੁਕਤ ਵਪਾਰ ਸਮਝੌਤਿਆਂ (ਐਫ.ਟੀ.ਏ.) ਤਹਿਤ ਤਾਂਬੇ ਦੀ ਸਸਤੀ ਆਯਾਤ ਕਾਰਨ ਭਾਰਤੀ ਨਿਰਮਾਣ ਖੇਤਰ ਨੂੰ ਬੁਰੀ ਤਰ੍ਹਾਂ ਨੁਕਸਾਨ ਹੋ ਰਿਹਾ ਹੈ। ਇਸ ਦੇ ਨਾਲ ਹੀ ਸੰਸਥਾ ਨੇ ਸਰਕਾਰ ਤੋਂ ਸੁਰੱਖਿਆ ਡਿਊਟੀ ਲਗਾਉਣ ਅਤੇ ਵਿਦੇਸ਼ਾਂ ਤੋਂ ਆਯਾਤ ਉਤੇ ਮਾਤਰਾਤਮਕ ਪਾਬੰਦੀਆਂ ਲਗਾਉਣ ਲਈ ਤੁਰਤ ਦਖਲ ਦੇਣ ਦੀ ਮੰਗ ਕੀਤੀ ਹੈ।

ਇੰਡੀਅਨ ਪ੍ਰਾਇਮਰੀ ਕਾਪਰ ਪ੍ਰੋਡਿਊਸਰਜ਼ ਐਸੋਸੀਏਸ਼ਨ (ਆਈ.ਪੀ.ਸੀ.ਪੀ.ਏ.) ਮੁਤਾਬਕ ਜ਼ੀਰੋ ਡਿਊਟੀ ਉਤੇ ਤਾਂਬੇ ਦੀ ਆਯਾਤ ਕਾਰਨ ਦੇਸ਼ ਦਾ ਘਰੇਲੂ ਉਦਯੋਗ ਪ੍ਰੇਸ਼ਾਨ ਹੈ, ਜਦਕਿ ਆਤਮਨਿਰਭਰਤਾ ਹਾਸਲ ਕਰਨ ਲਈ ਹਾਲ ਹੀ ਦੇ ਸਾਲਾਂ 'ਚ 20,000 ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਕੀਤਾ ਗਿਆ ਹੈ।

ਆਈ.ਪੀ.ਸੀ.ਪੀ.ਏ. ਨੇ ਕਿਹਾ ਕਿ ਐੱਫ.ਟੀ.ਏ. ਭਾਈਵਾਲਾਂ ਤੋਂ ਸਿਫ਼ਰ ਡਿਊਟੀ ਦੀ ਆਯਾਤ ਭਾਰਤੀ ਸਮੈਲਟਿੰਗ ਅਤੇ ਰਿਫਾਈਨਿੰਗ ਉਦਯੋਗ ਨੂੰ ਗੰਭੀਰ ਨੁਕਸਾਨ ਪਹੁੰਚਾ ਰਹੀ ਹੈ।

ਸੰਗਠਨ ਨੇ ਭਾਰਤ-ਯੂ.ਏ.ਈ. ਵਿਆਪਕ ਆਰਥਕ ਭਾਈਵਾਲੀ ਸਮਝੌਤੇ (ਸੀ.ਈ.ਪੀ.ਏ.) ਉਤੇ ਵੀ ਚਿੰਤਾ ਪ੍ਰਗਟਾਈ ਹੈ, ਜਿਸ ਦੇ ਤਹਿਤ ਵਿੱਤੀ ਸਾਲ 2025-26 ਵਿਚ ਤਾਂਬੇ ਦੀਆਂ ਤਾਰਾਂ ਦੀਆਂ ਰਾਡਾਂ ਉਤੇ ਕਸਟਮ ਡਿਊਟੀ ਘਟਾ ਕੇ ਇਕ ਫ਼ੀ ਸਦੀ ਕਰ ਦਿਤੀ ਗਈ ਹੈ ਅਤੇ ਕਿਹਾ ਗਿਆ ਹੈ ਕਿ ਇਸ ਨੂੰ 2026-27 ਤਕ ਪੂਰੀ ਤਰ੍ਹਾਂ ਖਤਮ ਕਰ ਦਿਤਾ ਜਾਵੇਗਾ।

# ਪਰਜ਼ਾਈਡਿੰਗ ਅਫ਼ਸਰ ਤੇ ਜਾਲੀ ਵੋਟਾਂ ਪਾਉਣ ਦੇ ਦੋਸ਼ ਤੋਂ ਬਾਅਦ ਕੁਝ ਸਮੇਂ ਲਈ ਵੋਟਿੰਗ ਪ੍ਰਕਿਰਿਆ ਰੁਕੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 14 ਦਸੰਬਰ
INTERNATIONAL PAPER, 94636 01616
hardipchumber57@gmail.com

ਗੁਰਦਾਸਪੁਰ ਵਿੱਚ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸਮਿਤੀ ਚੋਣਾਂ ਦੌਰਾਨ, ਕਾਂਗਰਸੀ ਵਿਧਾਇਕ ਪਾਹੜਾ ਨੇ ਚਾਹੀਆ ਪਿੰਡ ਵਿੱਚ ਪ੍ਰੀਜ਼ਾਈਡਿੰਗ ਅਫ਼ਸਰ ਰਜਨੀ ਪ੍ਰਕਾਸ਼ 'ਤੇ ਜਾਅਲੀ ਵੋਟਾਂ ਪੋਲ ਕਰਨ ਦਾ ਦੋਸ਼ ਲਗਾਇਆ। ਪਿੰਡ ਵਿੱਚ ਵੋਟਿੰਗ ਇੱਕ ਘੰਟੇ ਲਈ ਰੋਕ ਦਿੱਤੀ ਗਈ। ਚੋਣ ਕਮਿਸ਼ਨ ਦੇ ਅਧਿਕਾਰੀ ਦੁਰਗਾ ਦਾਸ ਮੌਕੇ 'ਤੇ ਪਹੁੰਚੇ ਅਤੇ ਪ੍ਰੀਜ਼ਾਈਡਿੰਗ ਅਫ਼ਸਰ ਰਜਨੀ ਪ੍ਰਕਾਸ਼ ਨੂੰ ਪੋਲਿੰਗ ਬੂਥ ਤੋਂ ਹਟਾ ਦਿੱਤਾ ਅਤੇ ਇੱਕ ਨਵਾਂ ਪ੍ਰੀਜ਼ਾਈਡਿੰਗ ਅਫ਼ਸਰ ਨਿਯੁਕਤ ਕੀਤਾ।

ਅਧਿਕਾਰੀ ਨੇ ਦੱਸਿਆ ਕਿ ਉਨ੍ਹਾਂ ਨੂੰ ਇੱਕ ਸ਼ਿਕਾਇਤ ਮਿਲੀ ਸੀ ਕਿ ਉਹ ਜਾਅਲੀ ਵੋਟਾਂ ਪਵਾ ਰਿਹਾ ਸੀ, ਜਿਸ ਤੋਂ ਬਾਅਦ ਉਨ੍ਹਾਂ ਨੂੰ ਹਟਾ ਦਿੱਤਾ ਗਿਆ ਅਤੇ ਵੋਟਿੰਗ ਪ੍ਰਕਿਰਿਆ ਦੁਬਾਰਾ ਸ਼ੁਰੂ ਕਰ ਦਿੱਤੀ ਗਈ।

# ਇੰਟਰਨਸ਼ਿਪ ਦੇ ਨਾਂਅ ਤੇ ਫੀਸ ਵਸੂਲੀ ਗੈਰਕਾਨੂੰਨੀ : ਹਾਈ ਕੋਰਟ

## ਪ੍ਰਾਈਵੇਟ ਵੈਟਰਨਰੀ ਕਾਲਜਾਂ ਨੂੰ ਵਿਦਿਆਰਥੀਆਂ ਦੀ ਰਕਮ ਵਾਪਸ ਕਰਨ ਦਾ ਦਿੱਤਾ ਹੁਕਮ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 14 ਦਸੰਬਰ
INTERNATIONAL PAPER, 94636 01616
hardipchumber57@gmail.com




ਚੰਡੀਗੜ੍ਹ : ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਵੈਟਰਨਰੀ ਸਿੱਖਿਆ ਨਾਲ ਜੁੜੇ ਇੱਕ ਮਹੱਤਵਪੂਰਨ ਫੈਸਲੇ ਵਿੱਚ ਸਪੱਸ਼ਟ ਕਰ ਦਿੱਤਾ ਹੈ ਕਿ ਬੀ.ਵੀ.ਐੱਸ.ਸੀ. ਅਤੇ ਏ.ਐੱਚ. ਕੋਰਸ ਦੌਰਾਨ ਇੰਟਰਨਸ਼ਿਪ ਦੌਰਾਨ ਕਿਸੇ ਵੀ ਪ੍ਰਾਈਵੇਟ ਵੈਟਰਨਰੀ ਕਾਲਜ ਵੱਲੋਂ ਟਿਊਸ਼ਨ ਫੀਸ ਵਸੂਲਣਾ ਕਾਨੂੰਨੀ ਤੌਰ ਤੇ ਅਸਵੀਕਾਰਯੋਗ ਅਤੇ ਸ਼ੋਸ਼ਣਕਾਰੀ ਹੈ । ਅਦਾਲਤ ਨੇ ਅਜਿਹੇ ਕਾਲਜਾਂ ਨੂੰ ਹੁਕਮ ਦਿੱਤਾ ਹੈ ਕਿ ਉਹ ਇੰਟਰਨਸ਼ਿਪ ਦੌਰਾਨ ਵਿਦਿਆਰਥੀਆਂ ਤੋਂ ਵਸੂਲੀ ਗਈ ਪੂਰੀ ਟਿਊਸ਼ਨ ਫੀਸ ਤਿੰਨ ਮਹੀਨਿਆਂ ਅੰਦਰ ਵਾਪਸ ਕਰਨ।

ਇਹ ਫੈਸਲਾ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੀ ਬੈਂਚ ਨੇ ਸਬੰਧਤ ਹੋਰ ਪਟੀਸ਼ਨਾਂ ਤੇ ਸੁਣਵਾਈ ਕਰਦਿਆਂ ਸੁਣਾਇਆ

ਅਦਾਲਤ ਨੇ ਵੈਟਰਨਰੀ ਕੌਂਸਲ ਆਫ਼ ਇੰਡੀਆ ਦੇ ਨਿਯਮਾਂ ਦਾ ਵਿਸਥਾਰ ਨਾਲ ਵਿਸ਼ਲੇਸ਼ਣ ਕਰਦਿਆਂ ਕਿਹਾ ਕਿ ਇੰਟਰਨਸ਼ਿਪ ਸਮੇਂ ਦੌਰਾਨ ਵਿਦਿਆਰਥੀ ਐਮਰਜੈਂਸੀ ਸੇਵਾਵਾਂ, ਨਾਈਟ ਡਿਊਟੀ, ਐਤਵਾਰ ਅਤੇ ਛੁੱਟੀਆਂ ਵਿੱਚ ਵੀ ਹਸਪਤਾਲਾਂ ਅਤੇ ਕਲੀਨਿਕਾਂ ਵਿੱਚ ਸੇਵਾਵਾਂ ਦਿੰਦੇ ਹਨ। ਅਜਿਹੇ ਵਿੱਚ ਉਨ੍ਹਾਂ ਤੋਂ ਟਿਊਸ਼ਨ ਫੀਸ ਲੈਣਾ ਨਾ ਸਿਰਫ਼ ਨਿਯਮਾਂ ਦੇ ਵਿਰੁੱਧ ਹੈ, ਸਗੋਂ ਇਹ ਇੰਟਰਨਸ਼ਿਪ ਅਲਾਊਂਸ ਨੂੰ ਅਸਿੱਧੇ ਤੌਰ ਤੇ ਵਾਪਸ ਲੈਣ ਵਰਗਾ ਹੈ। ਅਦਾਲਤ ਨੇ ਸਾਫ ਸ਼ਬਦਾਂ 'ਚ ਕਿਹਾ ਕਿ ਜੇ ਕੰਮ ਸਿੱਧੇ ਨਹੀਂ ਕੀਤਾ ਜਾ ਇੰਟਰਨਸ਼ਿਪ ਸਮੇਂ ਵਿੱਚ ਕਿਸੇ ਵੀ ਕਿਸਮ ਦੀ ਟਿਊਸ਼ਨ ਫੀਸ ਨਹੀਂ ਲੈਂਦੇ, ਸਗੋਂ ਵਿਦਿਆਰਥੀਆਂ ਨੂੰ ਮਾਣਭੱਤਾ ਦਿੰਦੇ ਹਨ। ਇਸ ਦੇ ਉਲਟ, ਨਿੰਜੀ ਕਾਲਜਾਂ ਵੱਲੋਂ ਫੀਸ ਵਸੂਲੀ ਨੂੰ ਅਦਾਲਤ ਨੇ ਅਣਉਚਿਤ ਲਾਭ ਅਤੇ ਵਿਦਿਆਰਥੀਆਂ ਦਾ ਆਰਥਿਕ ਸ਼ੋਸ਼ਣ ਕਰਾਰ ਦਿੱਤਾ ਹੈ।

ਨਿੰਜੀ ਕਾਲਜ ਦੀ ਇਸ ਦਲੀਲ ਨੂੰ ਵੀ ਅਦਾਲਤ ਨੇ ਮਨਜ਼ੂਰ ਨਹੀਂ ਕੀਤਾ ਕਿ ਉਹ ਇੱਕ ਅਨੁਦਾਨ ਰਹਿਤ ਸੰਸਥਾ ਹੈ ਅਤੇ ਆਪਣੀ ਫੀਸ ਬਣਤਰ ਤੈਅ ਕਰਨ ਲਈ ਸੁਤੰਤਰ ਹੈ । ਅਦਾਲਤ ਨੇ ਸੁਪਰੀਮ ਕੋਰਟ ਦੇ ਮਾਮਲਿਆਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਫੀਸ ਨਿਰਧਾਰਣ ਦੀ ਸੁਤੰਤਰਤਾ ਦਾ ਮਤਲਬ ਇਹ ਨਹੀਂ ਕਿ ਸੰਸਥਾ ਵਿਦਿਆਰਥੀਆਂ ਦਾ ਸ਼ੋਸ਼ਣ ਕਰੇ ਜਾਂ ਮੁਨਾਫ਼ਾਖੋਰੀ ਵਿੱਚ ਲਿੱਪਤ ਹੋਵੇ।

ਹਾਲਾਂਕਿ ਅਦਾਲਤ ਨੇ ਇੰਟਰਨਸ਼ਿਪ ਅਲਾਊਂਸ ਦੀ ਦਰ ਵਧਾਉਣ ਨਾਲ ਸਬੰਧਤ ਮੰਗ 'ਤੇ ਕੋਈ ਸਿੱਧਾ ਹੁਕਮ ਨਹੀਂ ਜਾਰੀ ਕੀਤਾ। ਅਦਾਲਤ ਨੇ ਕਿਹਾ ਕਿ ਫਿਲਹਾਲ ਇੰਟਰਨਸ਼ਿਪ ਲਈ ਘੱਟ ਜਾਂ ਇਕਸਾਰ ਦਰ ਤੈਅ ਕਰਨ ਦਾ ਕੋਈ ਕਾਨੂੰਨੀ ਫਰੇਮਵਰਕ ਮੌਜੂਦ ਨਹੀਂ ਹੈ। ਇਸ ਵਿਸ਼ੇ 'ਤੇ ਨੀਤੀ ਬਣਾਉਣਾ ਸਬੰਧਤ ਸਹੀ ਅਥਾਰਟੀ ਦਾ ਕੰਮ ਖੇਤਰ ਹੈ।


ਅਦਾਲਤ ਨੇ ਪਟੀਸ਼ਨਾਂ ਨੂੰ ਅੰਸ਼ਕ ਤੌਰ 'ਤੇ ਮਨਜ਼ੂਰ ਕਰਦਿਆਂ ਨਿੰਜੀ ਕਾਲਜ ਨੂੰ ਨਿਰਦੇਸ਼ ਦਿੱਤੇ ਕਿ ਇੰਟਰਨਸ਼ਿਪ ਪੀਰੀਅਡ ਵਿੱਚ ਵਸੂਲੀ ਗਈ ਪੂਰੀ ਟਿਊਸ਼ਨ ਫੀਸ ਸਿਰਫ਼ ਪਟੀਸ਼ਨਕਰਤਾ ਵਿਦਿਆਰਥੀਆਂ ਨੂੰ ਤਿੰਨ ਮਹੀਨਿਆਂ ਅੰਦਰ ਵਾਪਸ ਕੀਤੀ ਜਾਵੇ।

# ਸਾਬਕਾ ਵਿਧਾਇਕ ਅੰਗੁਰਾਲ ਦੇ ਭਤੀਜੇ ਦਾ ਕਾਤਲ ਕਾਬੂ, ਪੂਰੇ ਇਲਾਕੇ ਵਿਚ ਦਹਿਸ਼ਤ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 14 ਦਸੰਬਰ
INTERNATIONAL PAPER, 94636 01616
hardipchumber57@gmail.com

ਜਲੰਧਰ: ਜਲੰਧਰ ਤੋਂ ਸਾਬਕਾ ਵਿਧਾਇਕ ਸ਼ੀਤਲ ਅੰਗੁਰਾਲ ਦੇ ਭਤੀਜੇ ਦਾ ਸ਼ੁਕਰਵਾਰ ਦੇਰ ਰਾਤ ਸ਼ਹਿਰ ਦੇ ਬਸਤੀ ਦਾਨਿਸ਼ਮੰਦਾ ਇਲਾਕੇ ਵਿਚ ਕਤਲ ਕਰ ਦਿਤਾ ਗਿਆ। ਮ੍ਰਿਤਕ ਦੀ ਪਛਾਣ 17 ਸਾਲ ਦੇ ਵਿਕਾਸ ਵਜੋਂ ਹੋਈ ਹੈ, ਜੋ ਕਿ ਸਾਬਕਾ ਵਿਧਾਇਕ ਦੇ ਚਚੇਰੇ ਭਰਾ ਦਾ ਪੁੱਤਰ ਹੈ।

ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਕਤਲ ਪਿੱਛੇ ਨਿੱਜੀ ਰੰਜਿਸ਼ ਹੈ। ਪੁਲਿਸ ਇਸ ਪਹਿਲੂ ਨੂੰ ਜਾਂਚ ਦਾ ਮੁੱਖ ਕਾਰਨ ਮੰਨ ਰਹੀ ਹੈ। ਪੁਲਿਸ ਨੇ ਕੁੱਝ ਘੰਟਿਆਂ ਬਾਅਦ ਹੀ ਮੁੱਖ ਮੁਲਜ਼ਮ ਰਵੀ ਉਰਫ਼ ਕਾਲੂ ਨੂੰ ਜਲੰਧਰ ਪਛਮੀ ਹਲਕੇ ਤੋਂ ਗ੍ਰਿਫ਼ਤਾਰ ਕਰ ਲਿਆ। ਸੂਤਰਾਂ ਅਨੁਸਾਰ, ਅੱਜ ਸ਼ਾਮ ਕੁੱਝ ਬਦਮਾਸ਼ਾਂ ਨੇ ਵਿਕਾਸ ਉਤੇ ਹਮਲਾ ਕਰਨ ਉਤੇ ਇਲਾਕੇ ਵਿਚ ਦਹਿਸ਼ਤ ਫੈਲ ਗਈ। ਰੀਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਬਦਮਾਸ਼ਾਂ ਨੇ ਤੇਜ਼ਧਾਰ ਹਥਿਆਰਾਂ ਨਾਲ ਲੈਸ ਹੋ ਕੇ ਨੌਜੁਆਨ ਉਤੇ ਬੇਰਹਿਮੀ ਨਾਲ ਹਮਲਾ ਕੀਤਾ। ਸਥਾਨਕ ਲੋਕਾਂ ਨੇ ਘਟਨਾ ਨੂੰ ਵੇਖਿਆ ਅਤੇ ਤੁਰਤ ਪਰਵਾਰ ਅਤੇ ਪੁਲਿਸ ਨੂੰ ਸੂਚਿਤ ਕੀਤਾ।



ਜ਼ਖਮੀ ਵਿਅਕਤੀ ਨੂੰ ਨੇੜਲੇ ਹਸਪਤਾਲ ਲਿਜਾਇਆ ਗਿਆ, ਪਰ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿਤਾ। ਪਰਵਾਰ ਵਿਚ ਸੋਗ ਦਾ ਮਾਹੌਲ ਫੈਲ ਗਿਆ ਹੈ ਅਤੇ ਪੂਰੇ ਇਲਾਕੇ ਵਿਚ ਦਹਿਸ਼ਤ ਫੈਲ ਗਈ ਹੈ। (ਏਜੰਸੀ

# ਗੋਲੀਬਾਰੀ ਦੌਰਾਨ 12 ਲੋਕਾਂ ਦੀ ਮੌਤ, ਹਨੂਕਾ ਦਾ ਜਸ਼ਨ ਮਨਾ ਰਹੇ ਲੋਕਾਂ ਨੰ ਬਣਾਇਆ ਨਿਸ਼ਾਨਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 14 ਦਸੰਬਰ
INTERNATIONAL PAPER, 94636 01616
hardipchumber57@gmail.com



ਸਿਡਨੀ: ਆਸਟ੍ਰੇਲੀਆ ਦੇ ਬੌਂਡੀ ਬੀਚ 'ਤੇ ਗੋਲੀਬਾਰੀ ਦੀ ਘਟਨਾ ਸਾਹਮਣੇ ਆਈ ਹੈ। ਗੋਲੀਬਾਰੀ ਦੌਰਾਨ ਘੱਟੋ-ਘੱਟ 12 ਲੋਕਾਂ ਦੀ ਮੌਤ ਹੋ ਗਈ। ਮ੍ਰਿਤਕਾਂ ਵਿੱਚ ਇੱਕ ਸ਼ੱਕੀ ਗੋਲੀਬਾਰੀ ਕਰਨ ਵਾਲਾ ਵੀ ਸ਼ਾਮਲ ਹੈ। ਅਧਿਕਾਰੀਆਂ ਨੇ ਇਕ ਅਧਿਕਾਰਤ ਪੋਸਟ ਵਿਚ ਐਲਾਨ ਕੀਤਾ ਕਿ ਇਸ ਹਮਲੇ ਵਿਚ ਹਨੂਕਾ ਦਾ ਜਸ਼ਨ ਮਨਾ ਰਹੇ ਲੋਕਾਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਨਿਵਾਸੀਆਂ ਨੂੰ ਇਲਾਕੇ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਗਈ ਹੈ।

ਸੋਸ਼ਲ ਮੀਡੀਆ 'ਤੇ ਪਾਈਆਂ ਗਈਆਂ ਵੀਡੀਓਜ਼ ਵਿਚ ਦੁਪਹਿਰ ਨੂੰ ਉੱਤਰੀ ਬੌਂਡੀ ਬੀਚ 'ਤੇ ਲੋਕਾਂ ਦੀ ਇਕ ਵੱਡੀ ਭੀੜ ਰੇਤ 'ਤੇ ਭੱਜਦੀ ਦਿਖਾਈ ਦਿੱਤੀ, ਜਿਸ ਦੇ ਨਾਲ ਤੇਜ਼ ਗੋਲੀਆਂ ਚੱਲ ਰਹੀਆਂ ਸਨ। ਇਕ ਹੋਰ ਵੀਡੀਓ ਵਿਚ ਕਾਲੇ ਕੱਪੜੇ ਪਹਿਨੇ ਦੋ ਨੌਜਵਾਨ ਸੜਕ 'ਤੇ ਖੜ੍ਹੇ ਦਿਖਾਈ ਦੇ ਰਹੇ ਹਨ ਅਤੇ ਉਹ ਹਥਿਆਰਾਂ ਨਾਲ ਫਾਇਰਿੰਗ ਕਰ ਰਹੇ ਸਨ। ਪੁਲਿਸ ਨੇ ਸ਼ੱਕੀ ਹਮਲਾਵਰਾਂ ਵਿਚੋਂ ਇਕ ਨੂੰ ਗੋਲੀ ਮਾਰ ਦਿੱਤੀ, ਜਦੋਂ ਕਿ ਦੂਜੇ ਨੂੰ ਫੜ ਲਿਆ। ਦੋਵੇਂ ਇਸ ਸਮੇਂ ਪੁਲਿਸ ਹਿਰਾਸਤ ਵਿਚ ਹਨ।

ਆਸਟ੍ਰੇਲੀਆਈ ਪ੍ਰਧਾਨ ਮੰਤਰੀ ਐਂਥਨੀ ਅਲਬਾਨੀਜ਼ ਦੇ ਦਫ਼ਤਰ ਨੇ ਇੱਕ ਬਿਆਨ ਜਾਰੀ ਕਰਦਿਆਂ ਕਿਹਾ ਕਿ ਸਰਕਾਰ ਸਥਿਤੀ ਤੋਂ ਜਾਣੂ ਹੈ ਅਤੇ ਇਲਾਕੇ ਵਿਚ ਹਾਲਾਤ ਦਾ ਮੁਲਾਂਕਣ ਕੀਤਾ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਨਿਊ ਸਾਊਥ ਵੇਲਜ਼ ਪੁਲਿਸ ਵੱਲੋਂ ਜਾਰੀ ਨਿਰਦੇਸ਼ਾਂ ਦੀ ਪਾਲਣਾ ਕਰਨ ਲਈ ਕਿਹਾ ਹੈ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 14 ਦਸੰਬਰ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

**ਬਾਬਾ ਸਾਹਿਬ ਕਹਿੰਦੇ ਹਨ**

ਇੰਜੀ. ਹਰਦੀਪ ਸਿੰਘ ਚੁੰਬਰ

1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੋ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।


## ਭਾਰਤੀ ਸੰਵਿਧਾਨ ਸਭਾ ਵਿੱਚ ਡਾ. ਬੀ.ਆਰ. ਅੰਬੇਡਕਰ ਦੀ ਭੂਮਿਕਾ: ਇੱਕ ਸੰਖੇਪ ਦਸਤਾਵੇਜ਼ ਕਾਰਜਕਾਰੀ ਸੰਖੇਪ

ਇਹ ਦਸਤਾਵੇਜ਼ ਭਾਰਤੀ ਸੰਵਿਧਾਨ ਸਭਾ ਦੀਆਂ ਬਹਿਸਾਂ ਵਿੱਚ ਡਾ. ਬੀ.ਆਰ. ਅੰਬੇਡਕਰ ਦੀ ਕੇਂਦਰੀ ਭੂਮਿਕਾ ਦਾ ਵਿਸ਼ਲੇਸ਼ਣ ਕਰਦਾ ਹੈ, ਖਾਸ ਕਰਕੇ ਦਸੰਬਰ 1946 ਤੋਂ 1948 ਦੇ ਸਮੇਂ ਦੌਰਾਨ। ਮੁੱਖ ਸਿੱਟਾ ਇਹ ਹੈ ਕਿ ਡਾ. ਅੰਬੇਡਕਰ ਨਾ ਸਿਰਫ਼ ਡਰਾਫਟ ਕਮੇਟੀ ਦੇ ਚੇਅਰਮੈਨ ਸਨ, ਸਗੋਂ ਇੱਕ ਏਕੀਕ੍ਰਿਤ ਸ਼ਕਤੀ ਵੀ ਸਨ, ਜੋ ਸਮਾਵੇਸ਼, ਸਮਾਜਿਕ ਲੋਕਤੰਤਰ ਅਤੇ ਸੰਵਿਧਾਨਕ ਨੈਤਿਕਤਾ 'ਤੇ ਜ਼ੋਰ ਦਿੰਦੇ ਸਨ। ਦਸੰਬਰ 1946 ਵਿੱਚ, ਉਨ੍ਹਾਂ ਨੇ ਭਾਰਤ ਦੇ ਭਵਿੱਖ ਲਈ ਏਕਤਾ ਨੂੰ ਯਕੀਨੀ ਬਣਾਉਣ ਲਈ ਮੁਸਲਿਮ ਲੀਗ ਨੂੰ ਸ਼ਾਮਲ ਕਰਨ ਦੀ ਅਪੀਲ ਕੀਤੀ। 1948 ਤੱਕ, ਉਹ ਡਰਾਫਟ ਸੰਵਿਧਾਨ ਦੇ ਹਰੇਕ ਭਾਗ ਦਾ ਬਚਾਅ ਕਰ ਰਹੇ ਸਨ, ਧਾਰਾ 1 ("ਰਾਜਾਂ ਦਾ ਸੰਘ") ਵਰਗੇ ਮਹੱਤਵਪੂਰਨ ਪ੍ਰਬੰਧਾਂ 'ਤੇ ਵਿਸਤ੍ਰਿਤ ਬਹਿਸਾਂ ਦਾ ਮਾਰਗਦਰਸ਼ਨ ਕਰ ਰਹੇ ਸਨ, ਅਤੇ ਮੌਲਿਕ ਅਧਿਕਾਰਾਂ ਅਤੇ ਸ਼ਾਸਨ ਦੇ ਸਿਧਾਂਤਾਂ 'ਤੇ ਗੁੰਝਲਦਾਰ ਸੰਕਲਪਾਂ ਨੂੰ ਸਪੱਸ਼ਟ ਕਰ ਰਹੇ ਸਨ। ਇਹ ਸਮਾਂ ਸੰਵਿਧਾਨਕ ਢਾਂਚੇ ਨੂੰ ਸਿਧਾਂਤਕ ਪ੍ਰਸਤਾਵਾਂ ਤੋਂ ਵਿਵਹਾਰਕ ਕਾਨੂੰਨ ਵਿੱਚ ਬਦਲਣ ਲਈ ਮਹੱਤਵਪੂਰਨ ਸੀ, ਡਾ. ਅੰਬੇਡਕਰ ਇਸ ਤੀਬਰ ਪ੍ਰਕਿਰਿਆ ਦੇ ਕੇਂਦਰ ਵਿੱਚ ਸਨ।

### ਮੁੱਖ ਘਟਨਾਵਾਂ ਅਤੇ ਵਿਸ਼ਲੇਸ਼ਣ: 1946-1948

17 ਦਸੰਬਰ, 1946: ਏਕਤਾ ਅਤੇ ਸਮਾਵੇਸ਼ ਦਾ ਸੱਦਾ

15 ਦਸੰਬਰ, 1946 ਤੱਕ, ਸੰਵਿਧਾਨ ਸਭਾ 13 ਦਸੰਬਰ ਨੂੰ ਜਵਾਹਰ ਲਾਲ ਨਹਿਰੂ ਦੁਆਰਾ ਪੇਸ਼ ਕੀਤੇ ਗਏ ਉਦੇਸ਼ ਮਤੇ 'ਤੇ ਬਹਿਸ ਕਰ ਰਹੀ ਸੀ। ਇਸ ਸੰਦਰਭ ਵਿੱਚ, ਡਾ. ਬੀ.ਆਰ. ਅੰਬੇਡਕਰ ਨੇ 17 ਦਸੰਬਰ ਨੂੰ ਇੱਕ ਮਹੱਤਵਪੂਰਨ ਭਾਸ਼ਣ ਦਿੱਤਾ। ਉਨ੍ਹਾਂ ਦੀ ਮੁੱਖ ਚਿੰਤਾ ਭਾਰਤ ਦੇ ਭਵਿੱਖ ਦੇ ਸੰਵਿਧਾਨ ਦੇ ਖਰੜੇ ਵਿੱਚ ਵਿਆਪਕ ਭਾਗੀਦਾਰੀ ਨੂੰ ਯਕੀਨੀ ਬਣਾਉਣਾ ਸੀ। ਉਨ੍ਹਾਂ ਨੇ ਖਾਸ ਤੌਰ 'ਤੇ ਮੁਸਲਿਮ ਲੀਗ ਨੂੰ ਸ਼ਾਮਲ ਕਰਨ ਦੀ




ਜ਼ਰੂਰਤ ਨੂੰ ਉਜਾਗਰ ਕੀਤਾ ਅਤੇ ਜ਼ੋਰ ਦਿੱਤਾ ਕਿ ਏਕਤਾ ਅਤੇ ਰਿਆਇਤਾਂ ਨੂੰ ਸਿਰਫ਼ ਕਾਨੂੰਨੀ ਰਸਮਾਂ ਨਾਲੋਂ ਤਰਜੀਹ ਦਿੱਤੀ ਜਾਵੇ। ਇਸ ਸ਼ੁਰੂਆਤੀ ਦਖਲਅੰਦਾਜ਼ੀ ਨੇ ਇੱਕ ਏਕੀਕ੍ਰਿਤ ਅਤੇ ਸਮਾਵੇਸ਼ੀ ਰਾਸ਼ਟਰ ਬਣਾਉਣ ਲਈ ਉਨ੍ਹਾਂ ਦੀ ਵਚਨਬੱਧਤਾ ਨੂੰ ਦਰਸਾਇਆ।

### 15 ਦਸੰਬਰ, 1947: ਖਰੜਾ ਕਮੇਟੀ ਦੇ ਚੇਅਰਮੈਨ

ਇਸ ਤਾਰੀਖ ਤੱਕ, ਸੰਵਿਧਾਨ ਨਿਰਮਾਣ ਪ੍ਰਕਿਰਿਆ ਚੰਗੀ ਤਰ੍ਹਾਂ ਚੱਲ ਰਹੀ ਸੀ, ਅਤੇ ਡਾ. ਬੀ.ਆਰ. ਅੰਬੇਡਕਰ ਨੇ ਖਰੜਾ ਕਮੇਟੀ ਦੇ ਪ੍ਰਭਾਵਸ਼ਾਲੀ ਚੇਅਰਮੈਨ ਵਜੋਂ ਆਪਣੀ ਭੂਮਿਕਾ ਵਿੱਚ ਆਪਣੇ ਆਪ ਨੂੰ ਸਥਾਪਿਤ ਕਰ ਲਿਆ ਸੀ। ਇਸ ਅਹੁਦੇ ਨੇ ਉਨ੍ਹਾਂ ਨੂੰ ਸੰਵਿਧਾਨ ਦੇ ਢਾਂਚੇ ਨੂੰ ਆਕਾਰ ਦੇਣ ਵਿੱਚ ਇੱਕ ਕੇਂਦਰੀ ਸ਼ਖਸੀਅਤ ਬਣਾ ਦਿੱਤਾ।

### ਦਸੰਬਰ 1948: ਡਰਾਫਟ ਸੰਵਿਧਾਨ 'ਤੇ ਵਿਆਪਕ ਬਹਿਸ

15 ਦਸੰਬਰ, 1948 ਤੱਕ, ਸੰਵਿਧਾਨ ਸਭਾ ਡਰਾਫਟ ਸੰਵਿਧਾਨ 'ਤੇ ਇੱਕ ਵਿਸਤ੍ਰਿਤ, ਧਾਰਾ-ਦਰ-ਧਾਰਾ ਬਹਿਸ ਵਿੱਚ ਰੁੱਝੀ ਹੋਈ ਸੀ। ਡਰਾਫਟ ਕਮੇਟੀ ਦੇ ਮੁਖੀ ਵਜੋਂ, ਡਾ. ਅੰਬੇਡਕਰ ਨੇ ਇਸ ਪ੍ਰਕਿਰਿਆ ਦੀ ਅਗਵਾਈ ਕੀਤੀ। ਇਸ ਸਮੇਂ ਦੀਆਂ ਮੁੱਖ ਗਤੀਵਿਧੀਆਂ ਇਸ ਪ੍ਰਕਾਰ ਸਨ:

* ਗਹਿਰਾਈ ਨਾਲ ਵਿਚਾਰ-ਵਟਾਂਦਰਾ: 4 ਨਵੰਬਰ, 1948 ਨੂੰ ਡਰਾਫਟ ਸੰਵਿਧਾਨ ਪੇਸ਼ ਕੀਤੇ ਜਾਣ ਤੋਂ ਬਾਅਦ, ਆਮ ਚਰਚਾ ਖਤਮ ਹੋ ਗਈ, ਅਤੇ ਅਸੈਂਬਲੀ ਨੇ ਹਰੇਕ ਲੇਖ 'ਤੇ ਵਿਸਤ੍ਰਿਤ ਚਰਚਾ ਅਤੇ ਵੋਟਿੰਗ ਦੀ ਇੱਕ ਤੀਬਰ ਪ੍ਰਕਿਰਿਆ ਸ਼ੁਰੂ ਕੀਤੀ, ਜੋ ਮਹੀਨਿਆਂ ਤੱਕ ਚੱਲੀ।

* ਧਾਰਾ 1 'ਤੇ ਧਿਆਨ ਕੇਂਦਰਿਤ ਕਰੋ: 15 ਅਤੇ 17 ਨਵੰਬਰ, 1948 ਨੂੰ, ਅਸੈਂਬਲੀ ਨੇ ਧਾਰਾ 1 'ਤੇ ਬਹਿਸ ਕੀਤੀ, ਜੋ ਭਾਰਤ ਨੂੰ "ਰਾਜਾਂ ਦਾ ਸੰਘ" ਵਜੋਂ ਪਰਿਭਾਸ਼ਤ ਕਰਦੀ ਹੈ। ਮੈਂਬਰਾਂ ਨੇ ਰਾਜਾਂ ਲਈ ਇੱਕ ਸਮਾਨ ਸੰਗਠਨ ਲਈ ਸੋਧਾਂ ਦਾ ਪ੍ਰਸਤਾਵ ਰੱਖਿਆ, ਹਾਲਾਂਕਿ ਜ਼ਿਆਦਾਤਰ ਨੂੰ ਰੱਦ ਕਰ ਦਿੱਤਾ ਗਿਆ ਸੀ।

* ਸੋਧਾਂ 'ਤੇ ਚਰਚਾ: ਅਸੈਂਬਲੀ ਨੇ ਹਜ਼ਾਰਾਂ ਪ੍ਰਸਤਾਵਿਤ ਸੋਧਾਂ 'ਤੇ ਵਿਚਾਰ ਕਰਨ ਵਿੱਚ ਮਹੱਤਵਪੂਰਨ ਸਮਾਂ

"ਇਕੁਐਲਿਟੀ ਐਂਡ ਜਸਟਿਸ" "Equality and Justice" स्वतंत्रता, समानता, भाईचारा Rs- 100/month

ਬਿਤਾਇਆ।

### ਡਾ. ਅੰਬੇਡਕਰ ਦੀ ਕੇਂਦਰੀ ਭੂਮਿਕਾ ਅਤੇ ਮਹੱਤਵ

ਦਸੰਬਰ 1948 ਦੇ ਆਸਪਾਸ ਦੇ ਸਮੇਂ ਵਿੱਚ ਡਾ. ਅੰਬੇਡਕਰ ਦੀ ਭੂਮਿਕਾ ਬਹੁਪੱਖੀ ਅਤੇ ਲਾਜ਼ਮੀ ਸੀ। ਡਰਾਫਟ ਕਮੇਟੀ ਦੇ ਚੇਅਰਮੈਨ ਹੋਣ ਦੇ ਨਾਤੇ, ਉਹ ਇਹਨਾਂ ਚਰਚਾਵਾਂ ਦੇ ਕੇਂਦਰ ਵਿੱਚ ਸਨ।

* ਡਰਾਫਟ ਦਾ ਬਚਾਅ: ਉਸਨੇ ਡਰਾਫਟ ਦੇ ਉਪਬੰਧਾਂ ਦਾ ਜ਼ੋਰਦਾਰ ਢੰਗ ਨਾਲ ਬਚਾਅ ਕੀਤਾ, ਮੈਂਬਰਾਂ ਦੁਆਰਾ ਉਠਾਈਆਂ ਗਈਆਂ ਚਿੰਤਾਵਾਂ ਨੂੰ ਸੰਬੋਧਿਤ ਕੀਤਾ, ਅਤੇ ਗੁੰਝਲਦਾਰ ਉਪਬੰਧਾਂ ਦੇ ਪਿੱਛੇ ਤਰਕ ਦੀ ਵਿਆਖਿਆ ਕੀਤੀ।

* ਸੰਕਲਪਾਂ ਨੂੰ ਸਪੱਸ਼ਟ ਕਰਨਾ: ਉਸਨੇ ਮੌਲਿਕ ਅਧਿਕਾਰਾਂ ਅਤੇ ਰਾਜ ਦੀ ਬਣਤਰ ਵਰਗੇ ਵਿਸ਼ਿਆਂ 'ਤੇ ਬਹਿਸਾਂ ਦਾ ਮਾਰਗਦਰਸ਼ਨ ਕੀਤਾ। ਵੈੱਬਸਾਈਟ www.constitutionofindia.net ਦੇ ਅਨੁਸਾਰ, ਡਾ. ਅੰਬੇਡਕਰ ਨੇ ਅਕਸਰ ਸਮਾਜਿਕ ਲੋਕਤੰਤਰ ਅਤੇ ਸੰਵਿਧਾਨਕ ਨੈਤਿਕਤਾ ਵਰਗੇ ਬੁਨਿਆਦੀ ਸਿਧਾਂਤਾਂ ਨੂੰ ਸਪੱਸ਼ਟ ਕੀਤਾ, ਸਿਰਫ਼ ਕਾਨੂੰਨੀ ਢਾਂਚੇ ਤੋਂ ਪਰੇ ਇੱਕ ਨੈਤਿਕ ਨੀਂਹ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

* ਸਿਧਾਂਤਕ ਤੋਂ ਵਿਹਾਰਕ ਵਿੱਚ ਤਬਦੀਲੀ: ਇਹ ਸਮਾਂ ਭਾਰਤੀ ਸੰਵਿਧਾਨ ਦੇ ਨਿਰਮਾਣ ਵਿੱਚ ਇੱਕ ਮਹੱਤਵਪੂਰਨ ਪੜਾਅ ਨੂੰ ਦਰਸਾਉਂਦਾ ਹੈ। ਇਹ ਉਹ ਪਲ ਸੀ ਜਦੋਂ ਸਿਧਾਂਤਕ ਢਾਂਚਾ ਵਿਵਹਾਰਕ ਕਾਨੂੰਨ ਵਿੱਚ ਬਦਲਿਆ ਜਾ ਰਿਹਾ ਸੀ। ਡਾ. ਅੰਬੇਡਕਰ ਦੇ ਮਾਰਗਦਰਸ਼ਨ ਵਿੱਚ, ਸੰਘਵਾਦ, ਮੌਲਿਕ ਅਧਿਕਾਰਾਂ ਅਤੇ ਸ਼ਾਸਨ ਦੇ ਸਿਧਾਂਤਾਂ ਵਰਗੇ ਵਿਸ਼ਿਆਂ 'ਤੇ ਤੀਬਰ ਚਰਚਾਵਾਂ ਹੋਈਆਂ। ਇਸ ਪ੍ਰਕਿਰਿਆ ਨੇ ਇਹ ਯਕੀਨੀ ਬਣਾਇਆ ਕਿ ਸੰਵਿਧਾਨ ਨਾ ਸਿਰਫ਼ ਇੱਕ ਕਾਨੂੰਨੀ ਦਸਤਾਵੇਜ਼ ਸੀ, ਸਗੋਂ ਰਾਸ਼ਟਰ ਦੀਆਂ ਸਮਾਜਿਕ ਅਤੇ ਰਾਜਨੀਤਿਕ ਇੱਛਾਵਾਂ ਦਾ ਪ੍ਰਤੀਬਿੰਬ ਵੀ ਸੀ।

# ਸਰਸਵਤੀ ਵਿਦਿਆ ਮੰਦਰ ਵਿੱਚ ਨਾਰੀ ਸ਼ਕਤੀ, ਪਰਿਵਾਰਕ ਮੁੱਲਾਂ ਤੇ ਵਾਤਾਵਰਣ ਸੰਰੱਖਣ ਨੂੰ ਸਮਰਪਿਤ ਵਿਸ਼ਾਲ ਸਮਾਗਮ

## ਇੰਦੂ ਵੈਦਿਆ, ਨੰਦਿਤਾ ਬਾਲੀ ਤੇ ਭਾਗੋ ਦੇਵੀ ਸਮੇਤ ਕਈ ਪ੍ਰੇਰਕ ਔਰਤਾਂ ਹੋਈਆਂ ਸਨਮਾਨਿਤ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 14 ਦਸੰਬਰ
INTERNATIONAL PAPER, 94636 01616
hardipchumber57@gmail.com

ਚੰਡੀਗੜ੍ਹ: ਗੁਰਬਿੰਦਰ ਗੁਰੀ-

ਸਰਸਵਤੀ ਵਿਦਿਆ ਮੰਦਰ ਵਿੱਚ ਨਾਰੀ ਸਸ਼ਕਤੀਕਰਨ, ਪਰਿਵਾਰਕ ਸੰਸਕਾਰਾਂ ਅਤੇ ਵਾਤਾਵਰਣ ਸੰਰੱਖਣ ਨੂੰ ਸਮਰਪਿਤ ਇੱਕ ਪ੍ਰਭਾਵਸ਼ਾਲੀ ਤੇ ਅਰਥਪੂਰਨ ਸਮਾਜਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਨੇ ਸਿੱਖਿਆ, ਸੰਸਕਾਰ ਅਤੇ ਸਮਾਜਿਕ ਜ਼ਿੰਮੇਵਾਰੀ ਦਾ ਸੁੰਦਰ ਸੰਦੇਸ਼ ਦਿੱਤਾ।

ਪ੍ਰੋਗਰਾਮ ਵਿੱਚ ਪ੍ਰਸਿੱਧ ਲੇਖਿਕਾ ਨੰਦਿਤਾ ਬਾਲੀ ਅਤੇ ਸਮਾਜਿਕ ਕਾਰਕੁਨ ਇੰਦੂ ਵੈਦਿਆ ਮੁੱਖ ਮਹਿਮਾਨ ਵਜੋਂ



ਸ਼ਾਮਿਲ ਹੋਏ। ਸਮਾਗਮ ਦੀ ਪ੍ਰਧਾਨਗੀ ਭਾਗੋ ਦੇਵੀ ਦੀ ਪਤਨੀ ਸ਼ਾਹਿਦ ਮਨੋਹਰ ਲਾਲ ਅਤੇ ਸਮਾਜ ਸੇਵਕਾ ਤੇ ਲੇਖਿਕਾ ਕਵਿਤਾ ਗੌਤਮ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ।

ਇਸ ਮੌਕੇ ਸਮਾਜਿਕ ਕਾਰਕੁਨ ਇੰਦੂ ਵੈਦਿਆ ਨੇ "ਪਰਿਵਾਰਕ ਪ੍ਰੋਜੈਕਟ" ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਮਜ਼ਬੂਤ ਪਰਿਵਾਰ ਹੀ ਮਜ਼ਬੂਤ ਸਮਾਜ ਦੀ ਨੀਂਹ ਹੁੰਦਾ ਹੈ। ਉਨ੍ਹਾਂ ਨੇ ਸੰਯੁਕਤ ਪਰਿਵਾਰ ਪ੍ਰਣਾਲੀ ਦੀ ਮਹੱਤਤਾ ਉੱਤੇ ਜ਼ੋਰ ਦਿੰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਪਰਿਵਾਰਕ ਮੁੱਲਾਂ ਨੂੰ ਸੰਭਾਲਣਾ ਸਭ ਤੋਂ ਵੱਡੀ ਲੋੜ ਹੈ।

ਉੱਥੇ ਹੀ ਸਪੀਕਰ ਸਪਨਾ ਨੇ ਵਾਤਾਵਰਣ ਸੰਰੱਖਣ ਸੰਬੰਧੀ ਆਪਣੇ ਸੁੰਦਰ ਅਤੇ ਪ੍ਰੇਰਕ ਵਿਚਾਰ ਪੇਸ਼ ਕੀਤੇ। ਉਨ੍ਹਾਂ ਨੇ ਕਿਹਾ ਕਿ ਪਰਿਵਾਰ ਅਤੇ ਪ੍ਰਕਿਰਤੀ ਇਕ ਦੂਜੇ ਨਾਲ ਗੂੜ੍ਹੀ ਤਰ੍ਹਾਂ ਜੁੜੇ ਹੋਏ ਹਨ ਅਤੇ ਜੇਕਰ ਅਸੀਂ ਅੱਜ ਪ੍ਰਕਿਰਤੀ ਦੀ ਸੰਭਾਲ ਨਾ ਕੀਤੀ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਭਾਰੀ ਮੁੱਲ ਚੁਕਾਉਣਾ ਪਵੇਗਾ।

ਸਮਾਗਮ ਦੌਰਾਨ ਸਮਾਜਿਕ, ਸਿੱਖਿਆਕ, ਸੇਵਾਮੁਕਤ ਅਤੇ ਪ੍ਰਸ਼ਾਸਨਿਕ ਖੇਤਰਾਂ ਵਿੱਚ ਸਰਾਹਣਯੋਗ ਯੋਗਦਾਨ ਪਾਉਣ ਵਾਲੀਆਂ ਕਈ ਔਰਤਾਂ ਨੂੰ ਸਨਮਾਨਿਤ ਕੀਤਾ ਗਿਆ। ਸੰਯੁਕਤ ਪਰਿਵਾਰ ਦੀ ਪਰੰਪਰਾ ਨੂੰ ਜੀਉਂਦਾ ਰੱਖਣ ਲਈ ਨੀਲਮ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨ ਦਿੱਤਾ ਗਿਆ। ਇਸ ਤੋਂ ਇਲਾਵਾ ਪ੍ਰੋਗਰਾਮ ਨਾਲ ਸੰਬੰਧਤ ਪ੍ਰਸ਼ਨਾਂ ਦੇ ਸਹੀ ਉੱਤਰ ਦੇਣ ਵਾਲੀਆਂ ਅਤੇ ਆਯੋਜਨ ਵਿੱਚ ਸਰਗਰਮ ਭੂਮਿਕਾ ਨਿਭਾਉਣ ਵਾਲੀਆਂ ਔਰਤਾਂ ਨੂੰ ਵੀ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਪ੍ਰੋਫੈਸਰ ਅੰਜੂ ਪਟਿਆਲ, ਕੋਆਰਡੀਨੇਟਰ ਸੁਸ਼ਮਾ ਸ਼ਰਮਾ, ਸੁਨੀਤਾ, ਸ਼ਾਲੂ, ਅਰਚਨਾ (ਸੰਪਰਦਾ ਦੀ ਮੁਖੀ), ਪੰਕਜ ਵਿਸ਼ਿਸ਼ਟ (ਸੇਵਾਮੁਕਤ ਪ੍ਰਿੰਸੀਪਲ), ਕਿਰਨ ਬਾਲਾ, ਸਰੋਜ ਬਾਲਾ, ਗੁਰਚਰਾਨੀ, ਯਸ਼ੋਧਾ, ਸੁੰਦਰੀ, ਸ਼ਾਂਤੀ ਦੇਵੀ, ਮੀਨਾ ਦੇਵੀ, ਸੋਨਮ, ਕਮਲੇਸ਼ (ਏ.ਐਸ.ਆਈ.), ਮਧੂ (ਕਾਂਸਟੇਬਲ), ਨੀਤੂ ਡੋਗਰਾ (ਡਾਕਘਰ), ਵੀਰ ਸ਼ੀਰਾ, ਦਯਾ ਠਾਕੁਰ (ਆਸ਼ਾ ਵਰਕਰ), ਨੀਨਾ ਕੁਮਾਰੀ (ਹੈਲਥ ਵਰਕਰ), ਕਪਿਲ ਸ਼ਰਮਾ, ਸਵਾਸਤਿਕ ਗੌਤਮ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

ਪ੍ਰੋਗਰਾਮ ਦੀ ਖ਼ਾਸ ਖਿਚ ਸਰਸਵਤੀ ਵਿਦਿਆ ਮੰਦਰ ਗੁਲੇਰਵਾਲਾ ਦੇ ਵਿਦਿਆਰਥੀਆਂ ਦੀ ਸ਼ਾਨਦਾਰ ਪ੍ਰਸਤੁਤੀ ਰਹੀ। ਵਿਦਿਆਰਥੀਆਂ ਨੇ ਝਾਂਸੀ ਦੀ ਰਾਣੀ, ਰਾਣੀ ਦੁਰਗਾਵਤੀ ਵਰਗੀਆਂ ਇਤਿਹਾਸਕ ਨਾਰੀਆਂ ਦੇ ਰੂਪ ਧਾਰਨ ਕਰਕੇ ਨਾਰੀ ਸ਼ਕਤੀ ਦਾ ਜੀਤਾ ਜਾਗਦਾ ਦਰਸ਼ਨ ਕਰਵਾਇਆ।

ਸਮਾਗਮ ਦੇ ਅੰਤ ਵਿੱਚ ਔਰਤਾਂ ਨੂੰ "ਆਦਮ ਸ਼ਕਤੀ" ਦਾ ਸੰਦੇਸ਼ ਦਿੰਦਿਆਂ ਇਹ ਅਹਿਸਾਸ ਕਰਵਾਇਆ ਗਿਆ ਕਿ ਨਾਰੀ ਸਿਰਫ਼ ਘਰ ਦੀ ਧੁਰ ਨਹੀਂ, ਸਗੋਂ ਸਮਾਜ ਦੀ ਰੀੜ੍ਹ ਦੀ ਹੱਡੀ ਹੈ। ਪ੍ਰੋਗਰਾਮ ਸਾਰੇ ਹਾਜ਼ਰੀਨ ਲਈ ਪ੍ਰੇਰਣਾ ਦਾ ਸਰੋਤ ਬਣਿਆ।

# ਲੁਧਿਆਣਾ ਵਿੱਚ ਅਵਾਰਾ ਕੁੱਤੇ ਦਾ ਕਹਿਰ, ਜਬਾੜੇ ਅਤੇ ਸਿਰ 'ਤੇ ਮਾਰੇ ਦੰਦ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 14 ਦਸੰਬਰ
INTERNATIONAL PAPER, 94636 01616
hardipchumber57@gmail.com

ਲੁਧਿਆਣਾ ਦੇ ਮਾਡਲ ਵਿਲੇਜ ਦੇ ਗਾਂਧੀ ਨਗਰ ਇਲਾਕੇ ਵਿਚ ਅੱਜ ਇਕ 11 ਸਾਲਾ ਲੜਕੇ 'ਤੇ ਕੁੱਤੇ ਨੇ ਹਮਲਾ ਕਰ ਦਿੱਤਾ। ਉਹ ਦਹੀਂ ਲੈਣ ਲਈ ਘਰੋਂ ਗਿਆ ਸੀ। ਕੁੱਤੇ ਨੇ ਹਮਲਾ ਕਰਦੇ ਹੀ ਲੜਕਾ ਜ਼ਮੀਨ 'ਤੇ ਡਿੱਗ ਪਿਆ। ਕੁੱਤੇ ਨੇ ਬੱਚੇ ਦੇ ਚਿਹਰੇ 'ਤੇ ਪੰਜੇ ਮਾਰੇ ਅਤੇ ਉਸ ਨੂੰ ਵੱਢ ਲਿਆ। ਬੱਚੇ ਦੇ ਸਿਰ ਅਤੇ ਜਬਾੜੇ 'ਤੇ ਕੁੱਤੇ ਦੇ ਦੰਦ ਮਾਰੇ। ਬੱਚੇ ਦਾ ਨਾਮ ਸਾਨਿਧਿਆ ਹੈ।

ਬੱਚੇ ਦੇ ਰੋਣ ਦੀ ਆਵਾਜ਼ ਸੁਣ ਕੇ ਲੋਕ ਇਕੱਠੇ ਹੋਏ, ਪਰ ਕੁੱਤੇ ਨੇ ਉਨ੍ਹਾਂ 'ਤੇ ਵੀ ਹਮਲਾ ਕਰ ਦਿੱਤਾ। ਲੋਕਾਂ ਦੇ ਅਨੁਸਾਰ, ਕੁੱਤਾ ਪਾਗਲ ਜਾਪਦਾ ਸੀ। ਉਸ ਨੇ ਇਲਾਕੇ ਵਿੱਚ ਕਈ ਲੋਕਾਂ ਨੂੰ ਵੱਢਿਆ ਹੈ। ਬੱਚੇ ਦੇ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ, ਉਸ ਦੇ ਪਰਿਵਾਰ ਵਾਲੇ ਉਸ ਨੂੰ ਇੱਕ ਨਿੱਜੀ ਹਸਪਤਾਲ ਲੈ ਗਏ।

ਸਾਨਿਧਿਆ ਦੇ ਪਿਤਾ ਦੇਸਰਾਜ ਨੇ ਦੱਸਿਆ ਕਿ ਉਨ੍ਹਾਂ ਦਾ ਪੁੱਤਰ ਅੱਜ ਸਵੇਰੇ ਦਹੀਂ ਖਰੀਦਣ ਲਈ ਗਲੀ ਵਿੱਚੋਂ ਲੰਘ ਰਿਹਾ ਸੀ ਉਦੋਂ ਹੀ ਅਚਾਨਕ ਇੱਕ ਕੁੱਤੇ ਨੇ ਉਸ 'ਤੇ ਹਮਲਾ ਕਰ ਦਿੱਤਾ। ਸਾਨਿਧਿਆ ਕੁੱਤੇ ਤੋਂ ਆਪਣਾ ਬਚਾਅ ਕਰਨ ਲਈ ਭੱਜਿਆ ਅਤੇ ਅਚਾਨਕ ਜ਼ਮੀਨ 'ਤੇ



ਡਿੱਗ ਪਿਆ। ਜਦੋਂ ਉਹ ਚੀਕਿਆ ਤਾਂ ਕੁੱਤੇ ਨੇ ਆਪਣੇ ਪੰਜਿਆਂ ਅਤੇ ਦੰਦਾਂ ਨਾਲ ਉਸ 'ਤੇ ਹਮਲਾ ਕਰ ਦਿੱਤਾ।

# ਸਤਿਗੁਰੂ ਰਵਿਦਾਸ ਅੰਮ੍ਰਿਤ ਬਾਣੀ ਭਵਨ ਨਵਾਂ ਸ਼ਹਿਰ ਦਾ ਉਦਘਾਟਨ 16 ਨੂੰ

## “ਹਰਿ ਦਾ ਜਾਪ” ਵੀ ਰਿਲੀਜ਼ ਕੀਤਾ ਜਾਵੇਗਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 14 ਦਸੰਬਰ INTERNATIONAL PAPER, 94636 01616 hardipchumber57@gmail.com



ਨਵਾਂ ਸ਼ਹਿਰ (ਚਰਨਜੀਤ ਸੱਲ੍ਹਾਂ):: ਸ਼੍ਰੀ ਗੁਰੂ ਰਵਿਦਾਸ ਵੈੱਲਫੇਅਰ ਟਰੱਸਟ ਰਜਿ. ਨਵਾਂ ਸ਼ਹਿਰ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਉਸਾਰੇ ਗਏ “ਸਤਿਗੁਰੂ ਰਵਿਦਾਸ ਅੰਮ੍ਰਿਤ ਬਾਣੀ ਭਵਨ” ਦਾ ਉਦਘਾਟਨ 16 ਦਸੰਬਰ 2025 ਨੂੰ ਸ੍ਰੀ 108 ਸੰਤ ਨਿਰੰਜਨ ਦਾਸ ਜੀ ਗੱਦੀ ਨਸ਼ੀਨ ਡੇਰਾ ਸੱਚਖੰਡ ਬੱਲਾਂ ਆਪਣੇ ਕਰ ਕਮਲਾਂ ਨਾਲ ਕਰਨਗੇ। ਇਬਰਾਹੀਮ ਬਸਤੀ ਕਰਿਆਮ ਰੋਡ ਤੇ ਉਸਾਰੇ ਗਏ ਭਵਨ ਵਿਚ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਅੰਮ੍ਰਿਤ ਬਾਣੀ ਦਾ ਪ੍ਰਕਾਸ਼ ਕੀਤਾ ਜਾਵੇਗਾ। ਇਸ ਗੱਲ ਦਾ ਪ੍ਰਗਟਾਵਾ ਟਰੱਸਟ ਦੀ ਇਕ ਵਿਸ਼ੇਸ਼ ਮੀਟਿੰਗ ਵਿੱਚ ਕੀਤਾ ਗਿਆ ਜਿਸ ਵਿਚ ਸਰਵਸ਼੍ਰੀ ਸੰਤ ਪਾਲ ਸਾਹਲੋਂ, ਪਰਮਜੀਤ ਮਹਾਲੋਂ, ਹਰਮੇਸ਼ ਥਾਦੀਆਂ, ਦਰਸ਼ਨ ਰਾਮ ਪੱਲੀ ਉੱਚੀ, ਰੇਸ਼ਮ ਸਿੰਘ ਐਡਵੋਕੇਟ, ਪਿਆਰਾ ਲਾਲ ਰਾਹੋਂ, ਝਲਮਣ ਹੰਸਰੋਂ, ਰਾਮ ਆਸਰਾ, ਸੰਤ ਪਾਲ ਬੇਲੀ, ਹਰਮੇਸ਼ ਮੇਸ਼ੀ, ਜਗਦੀਪ ਸਿੰਘ ਸਕੋਹਪੁਰ, ਅਮਨਦੀਪ ਸਿੰਘ ਸੱਲ੍ਹਣ ਆਦਿ ਹਾਜ਼ਰ ਸਨ। ਇਸ ਮੌਕੇ ਤੇ “ਹਰਿ ਦਾ ਜਾਪ” ਵੀ ਰਿਲੀਜ਼ ਕਰਨ ਦਾ ਵੀ ਫੈਸਲਾ ਲਿਆ ਗਿਆ ਜਿਸ ਨੂੰ ਪੇਸ਼ ਕੀਤਾ ਹੈ ਆਰ. ਜੇ. ਬੀਟਸ ਤੇ ਰਾਮ ਭੋਗਪੁਰੀਆ ਨੇ। ਇਸ ਜਾਪ ਦਾ ਗਾਇਨ ਕੀਤਾ ਹੈ ਨਾਮਵਰ ਗਾਇਕਾ ਅਨੁਰਾਧਾ ਪੌਡਵਾਲ ਨੇ, ਇਸ ਜਾਪ ਨੂੰ ਲਿਖਿਆ ਹੈ ਸੰਤ ਪਾਲ ਸਾਹਲੋਂ ਨੇ, ਇਸ ਨੂੰ ਸੰਗੀਤ ਦਿੱਤਾ ਹੈ ਰੋਹਿਤ ਕੁਮਾਰ ਬੌਬੀ ਨੇ ਤੇ ਇਸ ਦੇ ਵੀਡੀਓ ਡਾਇਰੈਕਟਰ ਹਨ ਬਾਬਾ ਕਮਲ ਜੀ।

# ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਮਹਾ-ਪ੍ਰੀਨਿਰਵਾਣ ਦਿਵਸ ਨੂੰ ਸਮਰਪਿਤ ਜਾਗ੍ਰਿਤੀ ਕੈਂਪ ਗਿੱਦੜਬਾਹਾ ਵਿੱਚ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 14 ਦਸੰਬਰ INTERNATIONAL PAPER, 94636 01616 hardipchumber57@gmail.com



ਅੱਜ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਮਹਾ-ਪ੍ਰੀਨਿਰਵਾਣ ਦਿਵਸ ਨੂੰ ਸਮਰਪਿਤ ਜਾਗ੍ਰਿਤੀ ਕੈਂਪ “ਸਤਿਗੁਰੂ ਰਵਿਦਾਸ ਜੀ ਗੁਰੂਘਰ ਗਿੱਦੜਬਾਹਾ” ਵਾਰਡ ਨੰਬਰ 12 ਵਿਚ ਕਰਵਾਇਆ ਗਿਆ। ਜਿਸ ਵਿਚ ਡਾ.ਅੰਬੇਡਕਰ ਸਟੂਡੈਂਟ ਫਰੰਟ ਆਫ਼ ਇੰਡੀਆ (DASFI) ਵੱਲੋਂ ਇੱਕ ਇਤਿਹਾਸਕ ਫਿਲਮ ਦਿਖਾਈ ਗਈ ,ਸਾਰੇ ਦਰਸ਼ਕਾਂ ਨੇ ਬਹੁਤ ਵਧੀਆ ਢੰਗ ਨਾਲ ਫਿਲਮ ਦੇਖੀ ਅਤੇ ਆਪਣੇ ਇਤਿਹਾਸ ਨਾਲ ਜਾਣੂ ਕਰਵਾਇਆ , ਇਹ ਇਤਿਹਾਸ ਨਾ ਕਦੇ ਸਕੂਲ ਕਾਲਜਾਂ ਵਿੱਚ ਪੜਾਇਆ ਗਿਆ। ਡਾ.ਅੰਬੇਡਕਰ ਸਟੂਡੈਂਟ ਫਰੰਟ ਆਫ਼ ਇੰਡੀਆ(DAS-FI) ਸੰਗਠਨ ਯੂਨੀਵਰਸਿਟੀ ਕਾਲਜਾਂ ਦੇ ਨਾਲ ਨਾਲ ਕਾਫ਼ੀ ਲੰਬੇ ਸਮੇਂ ਤੋਂ ਪਿੰਡਾਂ ਸ਼ਹਿਰਾਂ ਵਿੱਚ ਜਾ ਜਾ ਕੇ ਸਮਾਜ ਨੂੰ ਜਾਗਰੂਕ ਕਰਨ ਲਈ ਕੈਡਰ ਕੈਂਪ ਲਗਾ ਰਿਹਾ ਹੈ,ਜੋ ਪੂਰੇ ਦੇਸ਼ ਵਿੱਚ ਕੋਈ ਵੀ ਸੰਗਠਨ ਨਹੀਂ ਕਰ ਰਿਹਾ। ਅੱਜ ਦੇ ਕੈਂਪ ਵਿੱਚ ਸਭ ਤੋਂ ਪਹਿਲਾਂ ਹੋਣਹਾਰ ਵਿਦਿਆਰਥਣ ਕਵਿਤਾ ਜੀ ਵੱਲੋਂ ਬਾਬਾ ਸਾਹਿਬ ਜੀ ਦੇ ਜੀਵਨ ਅਤੇ ਸੰਘਰਸ਼ ਬਾਰੇ ਦੱਸਿਆ ਗਿਆ। ਡਾ.ਅੰਬੇਡਕਰ ਸਟੂਡੈਂਟ ਫਰੰਟ ਆਫ਼ ਇੰਡੀਆ (DASFI) ਸੰਗਠਨ ਦੇ ਪੰਜਾਬ ਸੂਬਾ ਉਪ-ਪ੍ਰਧਾਨ ਅਭਿਸ਼ੇਕ ਅੰਬੇਡਕਰ ਜੀ ਨੇ ਸਾਰੇ ਦਰਸ਼ਕਾਂ ਨੂੰ ਫਿਲਮ ਨਾਲ ਜੋੜ ਕੇ ਬਾਬਾ ਸਾਹਿਬ ਜੀ ਦੀ ਵਿਚਾਰਧਾਰਾ ਅਤੇ ਬਹੁਜਨ ਰਹਿਬਰਾਂ ਤੇ ਪਾਖੰਡਵਾਦ,ਮਨੂੰਵਾਦ ਬਾਰੇ ਦਰਸ਼ਕਾਂ ਨੂੰ ਦੱਸਿਆ,ਸਭ ਨੂੰ ਬਾਬਾ ਸਾਹਿਬ ਡਾ.ਅੰਬੇਡਕਰ ਜੀ ਦੇ ਵਿਚਾਰਾਂ ਨੂੰ ਸਮਝਣ ਦੀ ਜਰੂਰਤ ਹੈ ਤਾਂ ਹੀ ਸਮਾਜ ਵਿੱਚ ਚੰਗੇ ਨਾਗਰਿਕਾਂ ਦੀ ਸੰਖਿਆ ਵਿੱਚ ਵਾਧਾ ਹੋਵੇਗਾ। ਅਭਿਸ਼ੇਕ ਅੰਬੇਡਕਰ ਜੀ ਨੇ ਵਿਦਿਆਰਥੀਆਂ ਨੂੰ ਪੜਨ ਲਈ ਪ੍ਰੇਰਿਤ ਕੀਤਾ। ਇਸ ਕੈਂਪ ਨੂੰ ਆਯੋਜਨ ਕਰਵਾਉਣ ਵਾਲੇ ਸਾਰੇ ਨੌਜਵਾਨ ਸਾਥੀ ਪਵਨ, ਦਿਨੇਸ਼ ਰੰਗੇਰਾ,ਦਿਨੇਸ਼ ਫੇਜ਼ੀ, ਸਚਿਨ ਮਲਹੋਤਰਾ, ਰਮਨ, ਆਕਾਸ਼ ਦੇ ਨਾਲ ਆਸ਼ੂ, ਰੋਹਿਤ , ਸੋਨੀ , ਵਿਸ਼ਾਲ, ਕਰਨ, ਯੁਗੇਸ਼ ਜਿਲੇਵਾ ਸਾਥੀ ਦਾ ਬਹੁਤ ਧੰਨਵਾਦ।

# ਰੈੱਡ ਕਰਾਸ ਰਸੋਈ ਲੰਮੇ ਸਮੇਂ ਤੋਂ ਹੈ ਬੰਦ: ਫਿਰ ਤੋਂ ਚਾਲੂ ਕੀਤੀ ਜਾਵੇ : ਢੋਸੀਵਾਲ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 14 ਦਸੰਬਰ INTERNATIONAL PAPER, 94636 01616 hardipchumber57@gmail.com



ਸ੍ਰੀ ਮੁਕਤਸਰ ਸਾਹਿਬ, 14 ਦਸੰਬਰ ( ) ਇੰਡੀਅਨ ਰੈੱਡ ਕਰਾਸ ਸੁਸਾਇਟੀ ਦੀਆਂ ਸਾਰੇ ਦੇਸ਼ ਵਿੱਚ ਸ਼ਾਖਾਵਾਂ ਚੱਲ ਰਹੀਆਂ ਹਨ। ਇਹ ਸੁਸਾਇਟੀ ਆਮ ਲੋਕਾਂ ਨੂੰ ਮੁਸੀਬਤ ਦੇ ਸਮੇਂ ਰਾਸ਼ਨ ਅਤੇ ਹੋਰ ਸਮੱਗਰੀ ਮੁਹੱਈਆ ਕਰਵਾਉਂਦੀ ਹੈ। ਇਸ ਤੋਂ ਇਲਾਵਾ ਲਾਇਬ੍ਰੇਰੀ ਚਲਾਉਣੀ ਅਤੇ ਲੋਕਾਂ ਨੂੰ ਕੁਦਰਤੀ ਆਫਤਾਂ ਵੇਲੇ ਮਰੀਜਾਂ ਅਤੇ ਲੋੜਵੰਦਾਂ ਨੂੰ ਦਵਾਈਆਂ ਅਤੇ ਖੂਨ ਆਦਿ ਦੀ ਸੇਵਾ ਵੀ ਪ੍ਰਦਾਨ ਕਰਦੀ ਹੈ। ਇਸੇ ਤਰ੍ਹਾਂ ਜਿਲ੍ਹੇ ਅੰਦਰ ਰੈੱਡ ਕਰਾਸ ਸੁਸਾਇਟੀ ਵੀ ਵਧੀਆ ਤਰੀਕੇ ਨਾਲ ਕਾਰਜਸ਼ੀਲ ਹੈ। ਕੁਝ ਸਮਾਂ ਪਹਿਲਾਂ ਜਿਲ੍ਹਾ ਰੈੱਡ ਕਰਾਸ ਸੁਸਾਇਟੀ ਨੇ ਸ਼ਲਾਘਾਯੋਗ ਕਾਰਜ ਕਰਦੇ ਹੋਏ ਆਮ ਲੋਕਾਂ ਲਈ ਰਸੋਈ ਚਾਲੂ ਕੀਤੀ ਸੀ। ਇਸ ਰਸੋਈ ਵਿੱਚ ਕੇਵਲ ਨਾ ਮਾਤਰ ਰਾਸ਼ੀ ਨਾਲ ਲੋੜਵੰਦ ਵਿਅਕਤੀ ਨੂੰ ਪੇਟ ਭਰ ਖਾਣਾ ਖਿਲਾਇਆ ਜਾਂਦਾ ਸੀ। ਇਸ ਰਸੋਈ ਤੋਂ ਮਜਦੂਰ ਅਤੇ ਆਰਥਿਕ ਤੌਰ ’ਤੇ ਕਮਜੋਰ ਵਿਅਕਤੀ ਪੂਰਾ ਲਾਭ ਉਠਾਉਂਦੇ ਸਨ। ਪਰੰਤੂ ਲੰਮਾ ਸਮਾਂ ਪਹਿਲਾਂ ਪ੍ਰਸ਼ਾਸਨ ਵੱਲੋਂ ਰੈੱਡ ਕਰਾਸ ਵਾਲੀ ਇਹ ਰਸੋਈ ਬੰਦ ਕਰ ਦਿੱਤੀ ਗਈ ਸੀ। ਲੋੜਵੰਦ ਮਜਦੂਰ ਅਤੇ ਹੋਰ ਵਿਅਕਤੀ ਇਸ ਰਸੋਈ ਦਾ ਲਾਭ ਲੈਣ ਤੋਂ ਵਾਂਝੇ ਹੋ ਗਏ ਸਨ। ਇੱਥੇ ਇਹ ਵੀ ਜਿਕਰਯੋਗ ਹੈ ਕਿ ਸਥਾਨਕ ਰੈੱਡ ਕਰਾਸ ਭਵਨ ਦੇ ਨੇੜੇ ਹੀ ਵੱਡੀ ਗਿਣਤੀ ਵਿੱਚ ਮਜਦੂਰ ਬੈਠ ਕੇ ਆਪਣੇ ਵਿਹਲੇ ਸਮੇਂ ਵਿੱਚ ਆਰਾਮ ਕਰਦੇ ਹਨ ਅਤੇ ਇਸੇ ਰਸੋਈ ਵਿੱਚੋਂ ਖਾਣਾ ਵੀ ਖਾਂਦੇ ਸਨ। ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਿਤ ਪ੍ਰਮੁੱਖ ਵਰਕਿੰਗ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਨੇ ਅੱਜ ਇਥੇ ਇੱਕ ਸਾਂਝੇ ਬਿਆਨ ਰਾਹੀਂ ਉਕਤ ਰਸੋਈ ਨੂੰ ਬੰਦ ਕੀਤੇ ਜਾਣਾ ਮੰਦਭਾਗੀ ਘਟਨਾ ਕਰਾਰ ਦਿੱਤਾ ਹੈ। ਉਨ੍ਹਾਂ ਨੇ ਕਿਹਾ ਹੈ ਕਿ ਪਤਾ ਨਹੀਂ ਅਜਿਹੇ ਕੀ ਹਾਲਤ ਬਣ ਗਏ ਜਿਨ੍ਹਾਂ ਕਾਰਨ ਇਸ ਰਸੋਈ ਨੂੰ ਬੰਦ ਕਰਨਾ ਪਿਆ। ਪ੍ਰਧਾਨ ਨੇ ਜਿਲੇ ਦੇ ਡਿਪਟੀ ਕਮਿਸ਼ਨਰ ਤੋਂ ਮੰਗ ਕੀਤੀ ਹੈ ਕਿ ਸਥਾਨਕ ਰੈੱਡ ਕਰਾਸ ਸੁਸਾਇਟੀ ਵੱਲੋਂ ਬੰਦ ਕੀਤੀ ਗਈ ਰਸੋਈ ਨੂੰ ਤੁਰੰਤ ਮੁੜ ਤੋਂ ਚਾਲੂ ਕੀਤਾ ਜਾਵੇ ਤਾਂ ਜੋ ਆਮ ਅਤੇ ਗਰੀਬ ਲੋਕਾਂ ਦਾ ਭਲਾ ਹੋ ਸਕੇ। ਢੋਸੀਵਾਲ ਨੇ ਇਹ ਵੀ ਕਿਹਾ ਹੈ ਕਿ ਉਹ ਜਲਦੀ ਹੀ ਡੀ.ਸੀ. ਅਤੇ ਹੋਰਨਾਂ ਸਬੰਧਤ ਅਧਿਕਾਰੀਆਂ ਨਾਲ ਮੁਲਾਕਾਤ ਕਰਕੇ ਇਸ ਰਸੋਈ ਨੂੰ ਚਾਲੂ ਕਰਵਾਉਣ ਦੀ ਅਪੀਲ ਕਰਨਗੇ।

# ਯੂਨੀਵਰਸਲ ਹੈਲਥ ਕਵਰੇਜ ਦਿਵਸ ਮੌਕੇ ਨਾਗਰਿਕਾਂ ਨੂੰ ਸਿਹਤ ਸਬੰਧੀ ਅਧਿਕਾਰਾਂ ਅਤੇ ਹੱਕਾਂ ਤੋਂ ਕਰਵਾਇਆ ਜਾਣੂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 14 ਦਸੰਬਰ INTERNATIONAL PAPER, 94636 01616 hardipchumber57@gmail.com



ਹੁ ਸ਼ਿ ਆ ਰ ਪੁ ਰ (ਸਤਨਾਮ ਸਿੰਘ ਸਹੂੰਗੜਾ) ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਵੱਲੋਂ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਤੇ ਸੈਸ਼ਨ ਜੱਜ ਹੁਸ਼ਿਆਰਪੁਰ ਰਜਿੰਦਰ ਅਗਰਵਾਲ ਦੇ ਹੁਕਮਾ ਦੀ ਪਾਲਣਾ ਕਰਦੇ ਹੋਏ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾ ਅਥਾਰਟੀ ਨੀਰਜ ਗੋਇਲ ਵੱਲੋ ਜ਼ਿਲ੍ਹਾ ਹੁਸ਼ਿਆਰਪੁਰ ਅਤੇ ਸਬ-ਡਿਵੀਜ਼ਨਾਂ ਦੇ ਵੱਖ-ਵੱਖ ਪਿੰਡਾਂ ਵਿੱਚ ਅੱਜ ਯੂਨੀਵਰਸਲ ਸਿਹਤ ਕਵਰੇਜ ਦਿਵਸ ਦੇ ਮੌਕੇ ’ਤੇ ਨਾਗਰਿਕਾਂ ਨੂੰ ਸਿਹਤ ਸਬੰਧੀ ਅਧਿਕਾਰਾਂ ਅਤੇ ਹੱਕਾਂ ਨੂੰ ਪ੍ਰਾਪਤ ਕਰਨ ਲਈ ਸਸ਼ਕਤ ਬਨਾਉਣ ਬਾਰੇ ਵੱਖ-ਵੱਖ ਪਿੰਡਾ ਅਤੇ ਸਕੂਲਾ ਵਿੱਚ ਜਾਗਰੂਕਤਾ ਪ੍ਰੋਗਰਾਮ ਕਰਵਾਏ ਗਏ ਅਤੇ ੳ.ੳ.ਏ.ਟੀ ਕੇਂਦਰ, ਚੱਬੇਵਾਲ ਅਤੇ ਸਿਵਲ ਹਸਪਤਾਲ, ਹੁਸ਼ਿਆਰਪੁਰ ਵਿਖੇ ਹੈਲਪ ਡੈਸਕ ਲਗਾਏ ਗਏ। ਇਨ੍ਹਾਂ ਪ੍ਰੋਗਰਾਮਾ ਦੇ ਮੌਕੇ ’ਤੇ ਪੈਨਲ ਐਡਵੋਕੇਟ ਅਤੇ ਲੀਗਲ ਏਡ ਡਿਫੈਂਸ ਕੌਂਸਲ ਵੱਲੋ ਪ੍ਰਧਾਨਗੀ ਕੀਤੀ ਗਈ। ਇਨ੍ਹਾਂ ਤੋਂ ਇਲਾਵਾ ੳ.ੳ.ਏ.ਟੀ ਕੇਂਦਰ ਚੱਬੇਵਾਲ ਅਤੇ ਸਿਵਲ ਹਸਪਤਾਲ, ਹੁਸ਼ਿਆਰਪੁਰ ਵਿਖੇ ਡਾਕਟਰ ਅਤੇ ਕਾਊਂਸਲਰਾਂ ਵੱਲੋ ਵਿਸਥਾਰਪੂਰਵਕ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਆਯੂਸ਼ਮਾਨ ਭਾਰਤ ਪ੍ਰਧਾਨ ਮੰਤਰੀ ਜਨ ਆਰੋਗਿਆ ਯੋਜਨਾ ਅਤੇ ਆਯੂਸ਼ਮਾਨ ਭਾਰਤ ਸਿਹਤ ਅਤੇ ਤੰਦਰੁਸਤੀ ਕੇਂਦਰਾ ਰਾਹੀਂ ਲਾਭਪਾਤਰੀ ਦੀ ਪਹੁੰਚ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ। ਮੁਫ਼ਤ ਦਵਾਈਆਂ, ਮੁਫ਼ਤ ਡਾਇਗਨੋਸਿਸ ਅਤੇ ਮੁਫ਼ਤ ਡਾਇਲਾਈਸਿਸ ਦੀ ਸੇਵਾਵਾਂ ਵੀ ਪ੍ਰਦਾਨ ਕੀਤੀਆਂ ਜਾਂਦੀਆਂ ਹਨ। ਜਨਨੀ ਸੁਰੱਖਿਆ ਯੋਜਨਾ, ਜ਼ਨਨੀ ਸ਼ਿਸ਼ੂ ਸੁਰੱਖਿਆ ਕਾਰਜਕ੍ਰਮ ਅਤੇ ਪ੍ਰਧਾਨ ਮੰਤਰੀ ਮਾਤਰ ਵੰਧਨਾ ਯੋਜਨਾ ਵਰਗੀਆਂ ਸਰਕਾਰੀ ਯੋਜਨਾਵਾਂ ਮੁਫ਼ਤ ਡਿਲੀਵਰੀ ਪ੍ਰਦਾਨ ਕਰਦੀਆ ਹਨ ਜਿਵੇਂ ਕਿ ਆਵਾਜਾਈ ਅਤੇ ਨਕਦ ਲਾਭ। ਇਸ ਦੇ ਨਾਲ—ਨਾਲ ਨੌਜਵਾਨਾਂ ਅਤੇ ਭਾਈਚਾਰੇ ਨੂੰ ਨਸ਼ੇ ਵਿਰੁੱਧ ਮੁਹਿੰਮ ਬਾਰੇ ਦੱਸਦੇ ਹੋਏ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਮੰਤਵ ਨੌਜਵਾਨ ਪੀੜ੍ਹੀ ਨੂੰ ਭਵਿੱਖ ਵਿਚ ਨਸ਼ਾ ਨੂੰ ਤਿਆਗ ਕੇ, ਚੰਗੇ ਕੰਮ ਕਰਨ ਲਈ ਪ੍ਰੇਰਿਤ ਕਰਨਾ ਹੈ, ਤਾਂ ਜੋ ਚੰਗੇ ਸਮਾਜ ਦੀ ਰਚਨਾ ਕੀਤੀ ਜਾ ਸਕੇ। ਅਖੀਰ ਵਿੱਚ ਜ਼ਿਲ੍ਹਾਂ ਕਾਨੂੰਨੀ ਸੇਵਾਵਾ ਅਥਾਰਟੀ, ਹੁਸ਼ਿਆਰਪੁਰ ਵਿੱਚ ਕੰਮ ਕਰ ਰਹੇ ਪੈਰਾ ਲੀਗਲ ਵਲੰਟੀਅਰਾਂ ਵੱਲੋ ਪ੍ਰਚਾਰ ਸਮੱਗਰੀ ਵੰਡੀ ਗਈ।

# ਇਫਟੂ ਨੇ ਮੁਜਾਹਰਾ ਕਰਕੇ ਲੇਬਰ ਕੋਡ ਦੀਆਂ ਕਾਪੀਆਂ ਸਾੜੀਆਂ


“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 14 ਦਸੰਬਰ INTERNATIONAL PAPER, 94636 01616 hardipchumber57@gmail.com



ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ) ਇਫਟੂ ਪੰਜਾਬ ਵਲੋਂ ਮੋਦੀ ਸਰਕਾਰ ਦੇ ਚਾਰ ਲੇਬਰ ਕੋਡ ਵਿਰੁੱਧ ਅਰੰਭੇ ‘ਸ਼ਨੀਵਾਰ ਅੰਦੋਲਨ’ ਦੇ ਨਾਂਅ ਤਹਿਤ ਦਿੱਤੇ ਗਏ ਸੱਦੇ ਉੱਤੇ ਇਫਟੂ ਵਲੋਂ ਨਵਾਂਸ਼ਹਿਰ ਵਿਖੇ ਮੁਜਾਹਰਾ ਕਰਕੇ ਲੇਬਰ ਕੋਡ ਦੀਆਂ ਕਾਪੀਆਂ ਸਾੜੀਆਂ ਗਈਆਂ।ਇਸਤੋਂ ਪਹਿਲਾਂ ਸਥਾਨਕ ਬੱਸ ਅੱਡੇ ਤੇ ਰੈਲੀ ਕੀਤੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਇਫਟੂ ਪੰਜਾਬ ਦੇ ਸੂਬਾ ਪ੍ਰੈਸ ਸਕੱਤਰ ਜਸਬੀਰ ਦੀਪ, ਜ਼ਿਲ੍ਹਾ ਪ੍ਰਧਾਨ ਗੁਰਦਿਆਲ ਰੱਕੜ, ਜ਼ਿਲ੍ਹਾ ਸਕੱਤਰ ਪਰਵੀਨ ਕੁਮਾਰ ਨਿਰਾਲਾ, ਜੁਗਾੜੂ ਰੇਹੜਾ ਵਰਕਰ ਯੂਨੀਅਨ ਦੇ ਸਕੱਤਰ ਬੀਰ ਬਹਾਦਰ, ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਸੁਰਿੰਦਰ ਮੀਰਪੁਰੀ, ਰੇਹੜੀ ਵਰਕਰ ਯੂਨੀਅਨ ਦੇ ਪ੍ਰਧਾਨ ਹਰੇ ਰਾਮ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਲਾਗੂ ਕੀਤੇ ਗਏ ਚਾਰ ਲੇਬਰ ਕੋਡ ਦੇਸ਼ ਦੇ ਮਜ਼ਦੂਰ ਵਰਗ ਉੱਤੇ ਬਹੁਤ ਹੀ ਘਾਤਕ ਹਮਲਾ ਹੈ। ਇਹ ਮਜ਼ਦੂਰ ਜਮਾਤ ਕੋਲੋਂ ਉਸਦੇ ਮੁਢਲੇ ਅਧਿਕਾਰ ਖੋਹ ਲੈਂਦੇ ਹਨ। ਜੋ ਅਧਿਕਾਰ ਮਜ਼ਦੂਰਾਂ ਨੇ ਅਥਾਹ ਕੁਰਬਾਨੀਆਂ ਕਰਕੇ ਪ੍ਰਾਪਤ ਕੀਤੇ ਸਨ। ਇਹ ਮਜ਼ਦੂਰ ਜਮਾਤ ਕੋਲੋਂ ਉਸਦਾ ਯੂਨੀਅਨ ਬਣਾਉਣ ਦਾ ਅਧਿਕਾਰ, ਹੜਤਾਲ ਕਰਨ ਦਾ ਅਧਿਕਾਰ ਖੋਹਦੇਂ ਹਨ। ਰੁਜ਼ਗਾਰ ਸੁਰੱਖਿਆ ਨੂੰ ਖਤਮ ਕਰਦੇ ਹਨ, ਪੱਕੀਆਂ ਨੌਕਰੀਆਂ ਨੂੰ ਖ਼ਤਮ ਕਰਦੇ ਹਨ, ਮਜ਼ਦੂਰਾਂ ਦੀ ਸੁੱਰਖਿਆ ਪ੍ਰਤੀ ਮਾਲਕਾਂ ਦੀ ਜਵਾਬਦੇਹੀ ਨੂੰ ਖ਼ਤਮ ਕਰਦੇ ਹਨ। ਉਹਨਾਂ ਕਿਹਾ ਕਿ ਇਹ ਕੋਡ ਸਕੀਮ ਵਰਕਰਾਂ, ਗਿਗ ਵਰਕਰਾਂ, ਕੱਚੇ ਵਰਕਰਾਂ, ਆਊਟਸੋਰਸ ਵਰਕਰਾਂ ਦੇ ਹਿੱਤਾਂ ਉੱਤੇ ਵੀ ਵੱਡਾ ਹਮਲਾ ਹਨ। ਮੋਦੀ ਸਰਕਾਰ ਨੇ ਮਜ਼ਦੂਰ ਪੱਖੀ ਪਹਿਲੇ 29 ਕਿਰਤ ਕਾਨੂੰਨ ਖ਼ਤਮ ਕਰ ਦਿੱਤੇ ਹਨ। ਸਾਨੂੰ ਚਾਰ ਲੇਬਰ ਕੋਡ ਦਾ ਤਿੱਖਾ ਵਿਰੋਧ ਕਰਨਾ ਚਾਹੀਦਾ ਹੈ। ਆਗੂਆਂ ਨੇ ਕਿਹਾ ਕਿ ਸਰਕਾਰ ਇਹ ਝੂਠਾ ਪ੍ਰਚਾਰ ਕਰ ਰਹੀ ਹੈ, ਕਿ ਇਹ ਲੇਬਰ ਕੋਡ ਮਜ਼ਦੂਰ ਪੱਖੀ ਹਨ। ਆਗੂਆਂ ਨੇ ਲੋਕਾਂ ਨੂੰ ਸੱਦਾ ਦਿੱਤਾ ਹੈ, ਕਿ ਉਹ ਸਾਰੇ ਪੰਜਾਬ ਵਿੱਚ ਇਸ ‘ਸ਼ਨੀਵਾਰ ਅੰਦੋਲਨ’ ਨੂੰ ਸ਼ੁਰੂ ਕਰਨ।

# 14 ਤੋਂ 15 ਦਸੰਬਰ ਸਵੇਰੇ 10 ਵਜੇ ਤੱਕ ਬੰਦ ਰਹਿਣਗੇ ਸ਼ਰਾਬ ਦੇ ਠੇਕੇ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 14 ਦਸੰਬਰ INTERNATIONAL PAPER, 94636 01616 hardipchumber57@gmail.com




ਹੁ ਸ਼ਿ ਆ ਰ ਪੁ ਰ (ਸਤਨਾਮ ਸਿੰਘ ਸਹੂੰਗੜਾ) ਜ਼ਿਲ੍ਹਾ ਮੈਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਵਾਲੇ ਦਿਨ 14 ਦਸੰਬਰ ਤੋਂ ਮਿਤੀ 15 ਦਸੰਬਰ ਸਵੇਰੇ 10 ਵਜੇ ਤੱਕ ਸ਼ਰਾਬ ਦੇ ਠੇਕੇ ਬੰਦ ਰੱਖਣ ਦੇ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਇਹ ਹੁਕਮ ਪੰਜਾਬ ਆਬਕਾਰੀ ਐਕਟ 1914 ਦੀ ਧਾਰਾ 54 ਅਤੇ ਲੋਕ ਪ੍ਰਤੀਨਿਧਤਾ ਐਕਟ 1951 ਦੇ ਸੈਕਸ਼ਨ 135 (ਸੀ) ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਾਰੀ ਕੀਤੇ ਹਨ। ਹੁਕਮ ਅਨੁਸਾਰ ਜ਼ਿਲ੍ਹਾ ਹੁਸ਼ਿਆਰਪੁਰ ਦੀ ਹਦੂਦ ਅੰਦਰ ਪੈਂਦੇ ਪਿੰਡਾਂ, ਜਿਥੇ ਵੀ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾਂ ਕਰਵਾਈਆਂ ਜਾ ਰਹੀਆਂ ਹਨ, ਵਿਚ ਆਉਂਦੇ ਸ਼ਰਾਬ ਦੇ ਠੇਕੇ ਚੋਣਾਂ ਵਾਲੇ ਦਿਨ 14 ਦਸੰਬਰ ਤੋਂ ਮਿਤੀ 15-12-2025 ਸਵੇਰੇ 10 ਵਜੇ ਤੱਕ ਬੰਦ ਰਹਿਣਗੇ। ਜਾਰੀ ਹੁਕਮ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਚੋਣਾਂ ਵਾਲੇ ਪਿੰਡਾਂ ਵਿੱਚ ਸ਼ਰਾਬ ਦੇ ਠੇਕੇ ਨਹੀਂ ਖੁੱਲ੍ਹਣਗੇ ਅਤੇ ਨਾ ਹੀ ਇਨ੍ਹਾਂ ਪਿੰਡਾਂ ਵਿੱਚ ਪੈਂਦੇ ਹੋਟਲਾਂ, ਰੈਸਟੋਰੈਂਟਾਂ ਜਾਂ ਕਲੱਬਾਂ ਵਿੱਚ ਸ਼ਰਾਬ ਵਰਤਾਈ ਜਾਵੇਗੀ ਅਤੇ ਨਾ ਹੀ ਕੋਈ ਵਿਅਕਤੀ ਸ਼ਰਾਬ ਦੀ ਸਟੋਰੇਜ ਕਰੇਗਾ।

# ਮੋਗਾ ਚ ਦੂਰ ਦੁਰਾਡੇ ਲਗਾਈ ਇਲੈਕਸ਼ਨ ਡਿਊਟੀ ਨਿਭਾਉਣ ਜਾ ਰਹੇ ਅਧਿਆਪਕ ਜੋੜੇ ਦੀ ਐਕਸੀਡੈਂਟ ਵਿੱਚ ਮੌਤ ਪ੍ਰਸ਼ਾਸਨ ਦੀ ਅਣਗਹਿਲੀ ਦਾ ਨਤੀਜਾ -ਜੀ.ਟੀ.ਯੂ. ਪੰਜਾਬ

***ਅਧਿਆਪਕ ਜੋੜੇ ਦਾ ਸਸਕਾਰ ਸਰਕਾਰੀ ਸਨਮਾਨਾਂ ਨਾਲ ਕੀਤਾ ਜਾਵੇ* ਇਹਨਾਂ ਨੂੰ ਸ਼ਹੀਦ ਮੰਨ ਕੇ ਪਰਿਵਾਰ ਨੂੰ 1-1 ਕਰੋੜ ਰੁਪਏ ਦੀ ਸਹਾਇਤਾ ਦਿੱਤੀ ਜਾਵੇ*ਬੱਚਿਆਂ ਦੀ ਸਿੱਖਿਆ ਫਰੀ ਕਰਕੇ ਨੌਕਰੀਆਂ ਰਿਜ਼ਰਵ ਕੀਤੀਆਂ ਜਾਣ***

“Equality and justice”
Patiala 14 December
INTERNATIONAL PAPER, 94636 01616
hardipchumber57@gmail.com



ਫਿਲੌਰ /ਅੱਪਰਾ 14 ਦਸੰਬਰ (ਦੀਪਾ)-ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ,ਵਿੱਤ ਸਕੱਤਰ ਮਨੋਹਰ ਲਾਲ ਸ਼ਰਮਾ ਅਤੇ ਪ੍ਰੈਸ ਸਕੱਤਰ ਕਰਨੈਲ ਫਿਲੌਰ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਮੋਗਾ ਵਿਖੇ ਇਲੈਕਸ਼ਨ ਡਿਊਟੀ ਨਿਭਾਉਣ ਜਾ ਰਹੇ ਅਧਿਆਪਕ ਜੋੜੇ ਜਸਕਰਨ ਸਿੰਘ ਭੁੱਲਰ ਅਤੇ ਉਹਨਾਂ ਦੀ ਪਤਨੀ ਦੀ ਐਕਸੀਡੈਂਟ ਵਿੱਚ ਮੌਤ ਹੋਣ ਤੇ ਪੂਰੇ ਅਧਿਆਪਕ ਵਰਗ ਵਿੱਚ ਸ਼ੋਕ ਦੀ ਲਹਿਰ ਹੈ ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਇਸ ਤੇ ਡੂੰਘਾ ਦੁੱਖ ਪ੍ਰਗਟ ਕਰਦੀ ਹੈ ਅਤੇ ਇਸ ਐਕਸੀਡੈਂਟ ਨੂੰ ਜ਼ਿਲਾ ਪ੍ਰਸ਼ਾਸਨ ਮੋਗਾ ਦੀ ਅਣਗਹਿਲੀ ਮੰਨਦੀ ਹੈ! ਗੌਰਤਲਬ ਹੈ ਕਿ ਜੀਟੀਯੂ ਪੰਜਾਬ ਸਮੇਤ ਪੰਜਾਬ ਦੀਆਂ ਵੱਖ ਵੱਖ ਅਧਿਆਪਕ ਜਥੇਬੰਦੀਆਂ ਵੱਲੋਂ ਮੁੱਖ ਚੋਣ ਕਮਿਸ਼ਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਵਾਰ-ਵਾਰ ਬੇਨਤੀ ਕੀਤੀ ਗਈ ਸੀ ਕਿ ਧੁੰਦ ਦਾ ਸਮਾਂ ਚੱਲ ਰਿਹਾ ਹੈ ਅਧਿਆਪਕਾਂ ਖਾਸ ਕਰਕੇ ਲੇਡੀਜ ਅਧਿਆਪਕਾਂ ਦੀ ਡਿਊਟੀ ਬਲਾਕਾਂ ਵਿੱਚ ਹੀ ਲਗਾਈ ਜਾਵੇ ਪਰ ਪ੍ਰਸ਼ਾਸਨ ਨੇ ਇਸ ਨੂੰ ਟਿਚ ਜਾਣਦਿਆਂ ਅਧਿਆਪਕਾਂ ਨੂੰ ਖੱਜਲ ਕਰਨ ਲਈ ਇਹਨਾਂ ਦੀ ਡਿਊਟੀ ਦੂਰ ਦੁਰਾਡੇ ਬਲਾਕਾਂ ਵਿੱਚ ਲਗਾਈ ਗਈ ਜਦੋਂ ਕਿ ਬੂਥਾਂ ਦੇ ਉੱਪਰ ਲੇਡੀਜ ਅਧਿਆਪਕਾਂ ਦੇ ਠਹਿਰਨ ਦਾ ਕੋਈ ਵੀ ਪ੍ਰਬੰਧ ਨਹੀਂ ਕੀਤਾ ਗਿਆ ਮਜਬੂਰ ਉਹਨਾਂ ਨੂੰ ਆਪਣੇ ਘਰਾਂ ਨੂੰ ਵਾਪਸ ਆਉਣਾ ਪਿਆ ਇਸੇ ਤਹਿਤ ਹੀ ਜਸਕਰਨ ਸਿੰਘ ਆਪਣੀ ਪਤਨੀ ਕਮਲਜੀਤ ਕੌਰ ਨੂੰ ਇਲੈਕਸ਼ਨ ਡਿਊਟੀ ਤੇ ਸਵੇਰੇ ਛੱਡਣ ਜਾ ਰਹੇ ਸਨ। ਜਿਸ ਕਾਰਨ ਇਹ ਘਟਨਾ ਵਾਪਰੀ ਜੀਟੀਯੂ ਪੰਜਾਬ ਨੇ ਪੰਜਾਬ ਸਰਕਾਰ ਅਤੇ ਜਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਅਧਿਆਪਕ ਜੋੜੇ ਦਾ ਸਸਕਾਰ ਸਰਕਾਰੀ ਸਨਮਾਨਾਂ ਨਾਲ ਕੀਤਾ ਜਾਵੇ ਤੇ ਇਸ ਜੋੜੇ ਨੂੰ ਸ਼ਹੀਦ ਮੰਨਦੇ ਹੋਏ ਪਰਿਵਾਰ ਨੂੰ 1-1 ਕਰੋੜ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਜਾਵੇ। ਦੋਨੋ ਪਤੀ ਪਤਨੀ ਦੇ ਤੁਰ ਜਾਣ ਨਾਲ ਛੋਟੇ ਬੱਚਿਆਂ ਦੀ ਪੜ੍ਹਾਈ ਬਿਲਕੁਲ ਫਰੀ ਕੀਤੀ ਜਾਵੇ ਅਤੇ ਉਹਨਾਂ ਦੀਆਂ ਨੌਕਰੀਆਂ ਰਾਖਵੀਆਂ ਰੱਖੀਆਂ ਜਾਣ ਤਾਂ ਜੋ ਸਮਾਂ ਪੈਣ ਤੇ ਉਹ ਇਹ ਨੌਕਰੀਆਂ ਪ੍ਰਾਪਤ ਕਰ ਸਕਣ।

## ਚੋਣ ਡਿਊਟੀ ਲਈ ਜਾਂਦੇ ਜੋੜੇ ਦੀ ਮੌਤ ’ਤੇ ਮੁੱਖ ਮੰਤਰੀ ਮਾਨ ਨੇ ਜਤਾਇਆ ਦੁੱਖ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਇਸ ਘਟਨਾ ‘ਤੇ ਦੁੱਖ ਪ੍ਰਗਟਾਇਆ। ਉਨ੍ਹਾਂ ਕਿਹਾ ਕਿ ” ਸਾਡੇ ਬਹੁਤ ਹੀ ਹੋਣਹਾਰ ਅਧਿਆਪਕ ਜਸਕਰਨ ਸਿੰਘ ਭੁੱਲਰ, ਅੰਗਰੇਜ਼ੀ ਮਾਸਟਰ, ਸਰਕਾਰੀ ਹਾਈ ਸਕੂਲ ਖੋਟੇ ਅਤੇ ਉਨ੍ਹਾਂ ਦੀ ਧਰਮ ਪਤਨੀ ਕਮਲਜੀਤ ਕੌਰ, ਡੀਪੀਈ ਸਰਕਾਰੀ ਕੰਨਿਆ ਹਾਈ ਸਕੂਲ ਪੱਤੋ ਹੀਰਾ ਸਿੰਘ ਜਿਲਾ ਮੋਗਾ ਦਾ



ਅੱਜ ਸਵੇਰੇ ਚੋਣ ਡਿਊਟੀ ਦੇਣ ਜਾਂਦਿਆਂ, ਸੰਘਣੀ ਧੁੰਦ ਕਰਕੇ ਐਕਸੀਡੈਂਟ ਹੋ ਗਿਆ। ਉਹ ਦੋਵੇਂ ਸਾਡੇ ਵਿਚਕਾਰ ਨਹੀਂ ਰਹੇ। ਮੈਂ ਦੋਵਾਂ ਦੇ ਮਾਪਿਆਂ ਨਾਲ ਗੱਲ ਕੀਤੀ ਹੈ, ਦੁੱਖ ‘ਚ ਪਰਿਵਾਰ ਦੇ ਗ਼ਮ ਚ ਸ਼ਰੀਕ ਹਾਂ, ਦੋਵੇਂ ਛੋਟੇ ਬੱਚਿਆਂ ਦੀ ਸਾਰੀ ਪੜ੍ਹਾਈ ਦੀ ਜਿੰਮੇਵਾਰੀ ਸਰਕਾਰ ਨਿਭਾਏਗੀ, ਪ੍ਰਮਾਤਮਾ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ‘ਚ ਨਿਵਾਸ ਬਖ਼ਸ਼ੇ।

# ਨਿਊਜ਼ੀਲੈਂਡ ਤੋਂ ਆਏ ਵਫ਼ਦ ਦਾ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਸਨਮਾਨ

“Equality and justice”
Patiala 14 December
INTERNATIONAL PAPER, 94636 01616
hardipchumber57@gmail.com



ਜਲੰਧਰ (ਸਤਨਾਮ ਸਿੰਘ ਸਹੂੰਗੜਾ) ਸ਼ਹੀਦ ਭਗਤ ਸਿੰਘ ਟਰੱਸਟ ਨਿਊਜ਼ੀਲੈਂਡ ਤੋਂ ਰੁਪਿੰਦਰ ਕੌਰ ਗਿੱਲ ਅਤੇ ਉਹਨਾਂ ਦੇ ਜੀਵਨ ਸਾਥੀ ਗੁਰਵਿੰਦਰ ਸਿੰਘ ਨਿਊਜ਼ੀਲੈਂਡ ਵਿਖੇ ਆਪਣੇ ਪਰਿਵਾਰ ਨੂੰ ਗ਼ਦਰ ਲਹਿਰ, ਕੌਮੀ ਮੁਕਤੀ ਸੰਗਰਾਮ ਦੀ ਮਾਣਮੱਤੀ ਵਿਰਾਸਤ ਅਤੇ ਅਜੋਕੇ ਮਾਨਵੀ ਸਰੋਕਾਰਾਂ ਨਾਲ ਜੋੜਕੇ ਰੱਖਦੇ ਹਨ। ਅੱਜ ਰੁਪਿੰਦਰ ਕੌਰ ਗਿੱਲ ਉਹਨਾਂ ਦੀ ਮਾਂ ਗੁਰਮੀਤ ਕੌਰ ਰਾਜੇਆਣਾ ਮੋਗਾ ਨੇ ਮਨਦੀਪ ਮਹਿਰਮ ਅਤੇ ਮਨਪ੍ਰੀਤ ਦੀ ਪ੍ਰੇਰਨਾ ਅਤੇ ਅਗਵਾਈ ਸਦਕਾ ਨਿਊਜ਼ੀਲੈਂਡ ਤੋਂ ਵਡੇਰੇ ਪਰਿਵਾਰ ਨੂੰ ਨਾਲ ਲੈ ਕੇ ਦੇਸ਼ ਭਗਤ ਯਾਦਗਾਰ ਹਾਲ ਆਏ। ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਇਸ ਵਫ਼ਦ ਨੂੰ ਸੁਆਗਤ ਵਿੱਚ ਜੀ ਆਇਆਂ ਕਿਹਾ ਅਤੇ ਪੰਜਾਬੀ, ਅੰਗਰੇਜ਼ੀ, ਹਿੰਦੀ ਵਿੱਚ ਗ਼ਦਰੀ ਸਾਹਿਤ ਦੀਆਂ ਪੁਸਤਕਾਂ ਭੇਂਟ ਕਰਕੇ ਸਨਮਾਨਤ ਕੀਤਾ। ਬਾਹਰੋਂ ਆਏ ਇਸ ਵਫ਼ਦ ਨੇ ਮਿਊਜ਼ੀਅਮ, ਲਾਇਬ੍ਰੇਰੀ, ਵੱਖ-ਵੱਖ ਹਾਲ, ਦੇਸ਼ ਭਗਤ ਯਾਦਗਾਰ ਹਾਲ ਅੰਦਰ ਹੁੰਦੀਆਂ ਸਰਗਰਮੀਆਂ ਅਤੇ ਸਾਹਿਤਕ/ਸਭਿਆਚਾਰਕ ਕਲਾ ਕਿਰਤਾਂ ਬਾਰੇ ਜਾਣ ਕੇ ਖੁਸ਼ੀ ਦਾ ਇਜ਼ਹਾਰ ਕੀਤਾ। ਉਹਨਾਂ ਵਿਚਾਰ-ਚਰਚਾ ਕਰਦੇ ਹੋਏ ਕਿਹਾ ਕਿ ਸਾਡੇ ਲਈ ਇਹ ਮਾਣ ਵਾਲੀ ਗੱਲ ਹੈ ਕਿ ਦੇਸ਼ ਭਗਤ ਯਾਦਗਾਰ ਹਾਲ ਮਹਾਨ ਇਨਕਲਾਬੀ ਇਤਿਹਾਸਕ ਵਿਰਸੇ ਦੀ ਮਸ਼ਾਲ ਜਗਦੀ ਰੱਖ ਰਿਹਾ ਹੈ ਅਤੇ ਸਾਡੇ ਵਰਗੇ ਪ੍ਰਦੇਸਾਂ ਅੰਦਰ ਪਰਵਾਸ ਦਾ ਦਰਦ ਹੰਢਾ ਰਹੇ ਲੋਕਾਂ ਲਈ ਪ੍ਰੇਰਨਾ ਸਰੋਤ ਹੈ। ਨਿਊਜ਼ੀਲੈਂਡ ਦੇ ਸ਼ਹਿਰ ਔਕਲੈਂਡ ਵਿੱਚ ਸ਼ਹੀਦ ਭਗਤ ਸਿੰਘ ਟਰੱਸਟ ਨਿਊਜ਼ੀਲੈਂਡ ਵੱਲੋਂ ਹੁੰਦੀਆਂ ਨਿਰੰਤਰ ਸਰਗਰਮੀਆਂ ਦਾ ਆਦਾਨ-ਪ੍ਰਦਾਨ ਸਾਂਝਾ ਕਰਦਿਆਂ ਸਮੂਹ ਪਰਿਵਾਰ ਨੇ ਭਵਿੱਖ ਵਿੱਚ ਇਹ ਸਾਂਝ ਹੋਰ ਵੀ ਮਜ਼ਬੂਤ ਕਰਨ ਦਾ ਪ੍ਰਗਟਾਵਾ ਕੀਤਾ। ਇਸ ਵਫ਼ਦ ਦੇ ਮੋਢੀ ਮੈਂਬਰ ਗੁਰਵਿੰਦਰ ਸਿੰਘ ਨਿਊਜ਼ੀਲੈਂਡ ਨੇ ਦੇਸ਼ ਭਗਤ ਯਾਦਗਾਰ ਕਮੇਟੀ ਨੂੰ 5000/- ਰੁਪਏ ਸਹਾਇਤਾ ਰਾਸ਼ੀ ਭੇਂਟ ਕੀਤੀ। ਇਸ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਗੁਰਮੀਤ ਸਿੰਘ, ਖਜ਼ਾਨਚੀ ਸੀਤਲ ਸਿੰਘ ਸੰਘਾ, ਕਮੇਟੀ ਮੈਂਬਰ ਅਮੋਲਕ ਸਿੰਘ, ਚਰੰਜੀ ਲਾਲ ਕੰਗਣੀਵਾਲ, ਸੁਰਿੰਦਰ ਕੁਮਾਰੀ ਕੋਛੜ ਅਤੇ ਰਣਜੀਤ ਸਿੰਘ ਔਲਖ ਵੀ ਹਾਜ਼ਰ ਸਨ।

# ਸੀਟੂ ਵੱਲੋਂ ਬਿਜਲੀ ਤੇ ਬੀਜ ਬਿਲਾਂ ਵਿਰੁੱਧ ਕੇਂਦਰ ਸਰਕਾਰ ਦੇ ਪੁਤਲੇ ਫੂਕਣ ਦਾ ਐਲਾਨ

“Equality and justice”
Patiala 14 December
INTERNATIONAL PAPER, 94636 01616
hardipchumber57@gmail.com



ਸੰਗਰੂਰ,14 ਦਸੰਬਰ (ਜਗਸੀਰ ਸਿੰਘ )- ਕੇਂਦਰ ਦੀ ਮੋਦੀ ਸਰਕਾਰ ਵੱਲੋਂ ਲਗਾਤਾਰ ਮਜ਼ਦੂਰ -ਕਿਸਾਨ ਅਤੇ ਲੋਕ ਵਿਰੋਧੀ, ਨੀਤੀਆਂ ਅਪਣਾਕੇ, ਕਾਰਪੋਰੇਟ ਪੱਖੀ ਮੁਨਾਫੇ ਵਧਾਉਣ ਲਈ ਦੇਸ਼ ਦੇ ਬੇਸ਼ਕੀਮਤੀ ਅਦਾਰਿਆਂ ਦਾ ਨਿੱਜੀਕਰਨ ਕਰਕੇ ਲੋਕਾਂ ਨੂੰ ਮੂੰਹ ਚਿੜਾ ਰਹੀ ਹੈ। ਕੇਂਦਰ ਦੀ ਮੋਦੀ ਸਰਕਾਰ ਵੱਲੋਂ, ਰੇਲਵੇ,ਬੀ. ਐਸ. ਐਨ. ਐਲ, ਏਅਰ ਪੋਰਟ, ਬੈਂਕਾਂ, ਟਰਾਂਸਪੋਰਟ ਅਤੇ ਹੋਰ ਮੁਨਾਫ਼ਾ ਕਮਾਉਣ ਵਾਲੇ ਅਦਾਰੇ ਅਤੇ ਲੋਕਾਂ ਨੂੰ ਸਹੂਲਤਾਂ ਪ੍ਰਦਾਨ ਕਰਨ ਵਾਲੇ ਅਦਾਰਿਆਂ ਨੂੰ ਬੜੀ ਬੇਸ਼ਰਮੀ ਨਾਲ ਕਾਰਪੋਰੇਟ ਘਰਾਣਿਆਂ ਨੂੰ ਮਿੱਟੀ ਦੇ ਭਾਅ ਲੁੱਟਾ ਰਹੀ ਹੈ ਅਤੇ ਦੇਸ਼ ਨੂੰ ਗੁਲਾਮਦਾਰੀ ਜੁੱਗ ਵੱਲ ਧੱਕਿਆ ਜਾ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨਜ( ਸੀਟੂ) ਦੇ ਸੂਬਾਈ ਪ੍ਰਧਾਨ ਸਾਥੀ ਚੰਦਰ ਸ਼ੇਖਰ, ਜਨਰਲ ਸਕੱਤਰ ਮਹਾਂ ਸਿੰਘ ਰੌੜੀ, ਵਿੱਤ ਸਕੱਤਰ ਸੁਖਮਿੰਦਰ ਸਿੰਘ ਲੋਟੇ, ਸੂਬਾ ਸਕੱਤਰ ਅਮਰਨਾਥ ਕੂੰਮਕਲਾਂ ਨੇ ਕਿਹਾ ਕਿ ਹੁਣ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਬਿਜਲੀ ਬਿਲ ਅਤੇ ਬੀਜ ਬਿਲ 2025 ਲਿਆ ਕੇ ਕਿਸਾਨਾਂ - ਮਜ਼ਦੂਰਾਂ - ਦੁਕਾਨਦਾਰਾਂ ਅਤੇ ਦਰਮਿਆਨੇ ਤਬਕੇ ਦੇ ਲੋਕਾਂ ਤੇ ਸਿੱਧਾ ਹਮਲਾ ਕੀਤਾ ਜਾ ਰਿਹਾ ਹੈ। ਗਰੀਬ ਲੋਕਾਂ ਨੂੰ ਬਿਜਲੀ ਦੇ ਬਲਬ ਦੀ ਰੋਸ਼ਨੀ, ਅਤੇ ਬਿਜਲੀ ਬਿਲਾਂ ਤੇ ਮਿਲ ਰਹੀ ਸਬਸਿਡੀ ਤੋਂ ਸੱਖਣੇ ਕਰ ਦਿੱਤਾ ਜਾਵੇਗਾ।ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਪੰਜਾਬ ਦੀਆਂ ਸੀਟੂ ਨਾਲ ਸਬੰਧਤ ਸਾਰੀਆਂ ਯੂਨੀਅਨਾਂ, ਜ਼ਿਲ੍ਹਾ ਕਮੇਟੀਆਂ, ਅਤੇ ਅਪਣੀਆਂ ਸਾਰੀਆਂ ਇਕਾਈਆਂ ਨੂੰ ਸੱਦਾ ਦਿੱਤਾ ਕਿ ਜਿਸ ਦਿਨ ਮੋਦੀ ਸਰਕਾਰ ਇਹ ਲੋਕ ਦੋਖੀ ਬਿਜਲੀ ਬਿਲ ਅਤੇ ਬੀਜ ਬਿਲਾਂ ਨੂੰ ਪਾਰਲੀਮੈਂਟ ਦੀ ਪਟਲ ਉੱਤੇ ਲਿਆਵੇਗੀ ਤਾਂ ਉਸੇ ਦਿਨ ਜਾਂ ਦੂਸਰੇ ਦਿਨ ਮੋਦੀ ਸਰਕਾਰ ਦੇ ਪੁਤਲੇ ਫੂਕ ਕੇ ਵਿਰੋਧ ਪ੍ਰਦਰਸ਼ਨ, ਰੈਲੀਆਂ, ਮੁਜ਼ਾਹਰੇ ਜੱਥੇਬੰਦ ਕਰਨ ਲਈ ਕਮਰਕਸੇ ਕਰ ਲੈਣ। ਉਨ੍ਹਾਂ ਮਜ਼ਦੂਰ ਜਮਾਤ ਨੂੰ ਸੰਯੁਕਤ ਕਿਸਾਨ ਮੋਰਚੇ ਨਾਲ ਇੱਕਮੁੱਠਤਾ ਪ੍ਰਗਟ ਕਰਨ ਲਈ ਸਾਂਝੇ ਇੱਕਠਾਂ ਵਿਚ ਵੀ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ।

# ਕੇਂਦਰ ਸਰਕਾਰ ਲੋਕਾਂ ਨੂੰ ਗੁੰਮਰਾਹ ਕਰਨਾ ਬੰਦ ਕਰਕੇ ਮਨਰੇਗਾ ਕਾਨੂੰਨ ਨੂੰ ਸਖ਼ਤੀ ਨਾਲ ਲਾਗੂ ਕਰੇ - ਸੀਟੂ ਆਗੂ

“Equality and justice”
Patiala 14 December
INTERNATIONAL PAPER, 94636 01616
hardipchumber57@gmail.com



ਸੰਗਰੂਰ,14 ਦਸੰਬਰ (ਜਗਸੀਰ ਸਿੰਘ )- ਕੇਂਦਰੀ ਸਰਕਾਰ ਮਹਾਤਮਾ ਗਾਂਧੀ ਰੁਜ਼ਗਾਰ ਗਰੰਟੀ ਯੋਜਨਾ ( ਮਗਨਰੇਗਾ) ਦਾ ਨਾਮ ਬਦਲ ਕੇ ਪੂੱਜਿਆ ਬਾਪੂ ਰੁਜ਼ਗਾਰ ਗਰੰਟੀ ਕਾਨੂੰਨ ਰੱਖਣ ਜਾ ਰਹੀ ਹੈ। ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ (ਸੀਟੂ) ਦੇ ਸੂਬਾਈ ਪ੍ਰਧਾਨ ਸਾਥੀ ਸ਼ੇਰ ਸਿੰਘ ਫਰਵਾਹੀ ਜਨਰਲ ਸਕੱਤਰ ਅਮਰ ਨਾਥ ਕੂੰਮਕਲਾਂ ਵਿੱਤ ਸਕੱਤਰ ਗੁਰਨਾਮ ਸਿੰਘ ਘਨੌਰ ਸੂਬਾਈ ਮੀਤ ਪ੍ਰਧਾਨ ਸਾਥੀ ਪ੍ਰਕਾਸ਼ ਸਿੰਘ ਬਰਮੀਂ ਨੇ ਇਸ ਤੇ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦਾ ਇੱਕੋ ਇੱਕ ਮਨੋਰਥ ਮਹਾਤਮਾਂ ਗਾਂਧੀ ਅਤੇ ਜਵਾਹਰ ਲਾਲ ਨਹਿਰੂ ਦੇ ਨਾਂ ਨੂੰ ਹਮੇਸ਼ਾਂ ਲਈ ਹਟਾਉਣਾ ਹੈ । ਮਹਾਤਮਾ ਗਾਂਧੀ ਰੁਜ਼ਗਾਰ ਗਰੰਟੀ ਕਾਨੂੰਨ ਮਜ਼ਦੂਰਾਂ ਵਿੱਚ ਪ੍ਰਚੱਲਤ ਹੋ ਗਿਆ ਹੈ । ਇਸ ਨਾਮ ਨਾਲ ਮਗਨਰੇਗਾ ਕਾਨੂੰਨ ਤਹਿਤ ਮਜ਼ਦੂਰਾਂ ਨੂੰ ਕੰਮ ਰੁਜ਼ਗਾਰ ਦੀ ਗਰੰਟੀ, ਕੰਮ ਨਾਂ ਦੇਣ ਦੀ ਸੂਰਤ ਵਿੱਚ ਬੇ-ਰੁਜਗਾਰੀ ਭੱਤਾ, ਫਸਟ ਏਡ ਕਿੱਟ, ਬੱਚਿਆਂ ਲਈ ਖਿਡੌਣੇ,ਪੀਣ ਵਾਲੇ ਪਾਣੀ, ਕੰਮ ਕਰਨ ਵਾਲੇ ਔਜ਼ਾਰ,15 ਦਿਨਾਂ ਬਾਅਦ ਪੇਮੈਂਟ ਕਰਨ ਆਦਿ ਦੀ ਗਰੰਟੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਨਾਂਅ, ਸ਼ਹਿਰਾਂ ਕਸਬਿਆਂ ਦੇ ਨਾਮ ਬਦਲਣ ਨਾਲ ਕੁਝ ਵੀ ਨਹੀਂ ਹੋਣਾ ਕੇਂਦਰ ਸਰਕਾਰ ਜ਼ੋ ਕੰਮ ਸਰਕਾਰ ਨੂੰ ਕਰਨਾ ਚਾਹੀਦਾ ਹੈ ਉਹ ਕਰੇ ਮਨਰੇਗਾ ਕਾਨੂੰਨ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਵੇ ਕਿਉਂਕਿ ਇਸ ਕਾਨੂੰਨ ਦੀਆਂ ਸਰਕਾਰੀ ਅਧਿਕਾਰੀਆਂ ਵੱਲੋਂ ਪਿੰਡਾਂ ਦੇ ਕੁਰਪਟ ਸਰਪੰਚਾਂ ਨਾਲ ਮਿਲ ਕੇ ਮਨਮਰਜੀਆਂ ਕੀਤੀਆਂ ਜਾ ਰਹੀਆਂ ਹਨ ,ਅਤੇ ਮਨਰੇਗਾ ਕਾਨੂੰਨ ਦੀਆਂ ਧਜੀਆਂ ਉਡਾਈਆਂ ਜਾ ਰਹੀਆਂ ਹਨ। ਮਜ਼ਦੂਰਾਂ ਨਾਲ ਧੱਕੇਸ਼ਾਹੀ ਕੀਤੀ ਜਾ ਰਹੀ ਹੈ। ਮਜ਼ਦੂਰਾਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ।ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਮਗਨਰੇਗਾ ਕਾਨੂੰਨ ਦਾ ਨਾਂ ਬਦਲ ਕੇ ਪੂੱਜੀਆ ਬਾਪੂ ਰੁਜ਼ਗਾਰ ਗਰੰਟੀ ਕਾਨੂੰਨ ਤਹਿਤ ਇਸ ਵਿੱਚ ਹੋਰ ਵੀ ਮਜ਼ਦੂਰ ਵਿਰੋਧੀ ਸੋਧਾਂ ਕਰਨ ਲਈ ਯੋਜਨਾਬੰਦੀ ਕਰਨ ਜਾ ਰਹੀ ਹੈ। ਉਨ੍ਹਾਂ ਮੋਦੀ ਸਰਕਾਰ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਮੰਗ ਕੀਤੀ ਕਿ ਪਹਿਲਾ ਨਾਮ ਲੋਕਾਂ ਵਿੱਚ ਲੈਕੇ ਜਾਣ ਲਈ ਕਰੋੜਾਂ ਰੁਪਏ ਖਰਚ ਕੀਤੇ ਗਏ ਸਨ। ਹੁਣ ਇਹ ਨਾਮ ਮਜ਼ਦੂਰਾਂ ਵਿੱਚ ਪ੍ਰਚੱਲਤ ਹੋ ਗਿਆ ਹੈ।ਇਸ ਨਾਂ ਉੱਤੇ ਹੀ ਕੰਮ ਚਲਾਇਆ ਜਾਵੇ। ਇਹੀ ਪੈਸੇ ਮਜ਼ਦੂਰਾਂ ਨੂੰ ਕੰਮ ਦੇਣ ਲਈ ਮਨਰੇਗਾ ਬਜਟ ਵਿਚ ਵਾਧਾ ਕਰੇ,ਪਿੰਡਾਂ ਦੇ ਵਿਕਾਸ ਲਈ, ਮਨਰੇਗਾ ਕੰਮਾਂ ਨੂੰ ਚੁਸਤ ਦਰੁਸਤ ਕਰਨ ਲਈ ਕਾਨੂੰਨ ਅਨੁਸਾਰ ਕੰਮ ਨਾਂ ਦੇਣ ਵਾਲੇ ਅਧਿਕਾਰੀਆਂ ਅਤੇ ਭਰਿਸ਼ਟ ਪੰਚਾਇਤਾਂ ਵਿਰੁੱਧ ਕਾਰਵਾਈ ਕਰਕੇ ਉਨ੍ਹਾਂ ਨੂੰ ਜਵਾਬਦੇਹ ਬਣਾਇਆ ਜਾਵੇ, ਦੇਸ਼ ਦੇ ਪੈਸੇ ਦੀ ਬਰਬਾਦੀ ਨਾਂ ਕੀਤੀ ਜਾਵੇ ਅਤੇ ਲੋਕਾਂ ਨੂੰ ਗੁੰਮਰਾਹ ਕਰਨਾ ਬੰਦ ਕੀਤਾ ਜਾਵੇ ।

# ਇੱਕ ਸਾਲ ਚ ਪੰਜ ਵਾਰ ਖੂਨ ਦਾਨ ਕਰਨ ਦਾ ਟੀਚਾ ਕੀਤਾ ਪੂਰਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 14 ਦਸੰਬਰ
INTERNATIONAL PAPER, 94636 01616
hardipchumber57@gmail.com

ਸੰਗਰੂਰ,14 ਦਸੰਬਰ ( ਜਗਸੀਰ ਸਿੰਘ) - ਹਰ ਵਿਅਕਤੀ ਆਪਣੀ ਜ਼ਿੰਦਗੀ ਵਿੱਚ ਬਹੁਤ ਕੁਝ ਦਾਨ ਕਰਦਾ ਹੈ ,ਪਰ ਕੁਝ ਦਾਨ ਨਵੇਕਲੇ ਕਿਸਮ ਦੇ ਹੁੰਦੇ ਹਨ । ਜਿਨਾਂ ਨੂੰ ਕਰਨ ਲਈ ਕੋਈ ਵੀ ਸਵਾਰਥ ਨਹੀਂ ਹੁੰਦਾ। ਉਹਨਾਂ ਵਿੱਚੋਂ ਇੱਕ ਹੈ ਖੂਨਦਾਨ। ਜਿਸ ਨਾਲ ਕੀਮਤੀ ਜਾਨਾਂ ਨੂੰ ਬਚਾਇਆ ਜਾ ਸਕਦਾ ਹੈ। ਬਿਨਾਂ ਸਵਾਰਥ ਖੂਨ ਦਾਨ ਕਰਨਾ ਇੱਕ ਵਡਮੁੱਲਾ ਕਾਰਜ ਹੈ । ਇਸ ਵਡਮੁੱਲੇ ਕਾਰਜ ਨੂੰ ਸਹੀਬੰਦ ਪਰੋਕੇ ਰੱਖਿਆ ਹੈ ਕਸਬਾ ਸ਼ੇਰਪੁਰ ਦੇ ਨੌਜਵਾਨਾਂ ਨੇ ਜੋ ਕਿ ਲਗਾਤਾਰ 90 ਦਿਨਾਂ ਬਾਅਦ ਖੂਨਦਾਨ ਕਰਕੇ ਇੱਕ ਰਿਕਾਰਡ ਸਥਾਪਿਤ ਕਰ ਰਹੇ ਹਨ। ਉਹਨਾਂ ਵੱਲੋਂ ਇੱਕ ਸਾਲ ਵਿੱਚ ਲਗਾਤਾਰ ਪੰਜ ਵਾਰ ਖੂਨਦਾਨ ਕਰਨ ਦਾ ਆਪਣਾ ਟੀਚਾ ਵੀ ਪੂਰਾ ਕੀਤਾ ਗਿਆ ਇੱਕ ਸਾਲ ਵਿੱਚ ਖੂਨਦਾਨ ਕਰਨ ਦੀਆਂ ਤਰੀਖਾਂ 15-12-2024 ਪਹਿਲੀ ਵਾਰ,

15-03-2025 ਦੂਜੀ ਵਾਰ,15-06-2025 ਤੀਜੀ ਵਾਰ

14-09-2025 ਚੌਥੀ ਵਾਰ ਤੇ 4-12-2025 ਪੰਜਵੀਂ ਵਾਰ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਵੀ ਗੁਰਮਾਂ ਨੇ ਦੱਸਿਆ ਕਿ ਉਹ ਅਤੇ ਉਹਨਾਂ ਦੇ ਸਾਥੀ ਹਮੇਸ਼ਾ ਹੀ ਲੋੜਵੰਦ ਮਰੀਜ਼ਾਂ ਲਈ ਖੂਨਦਾਨ ਕਰਦੇ ਹਨ। ਉਹਨਾਂ ਨੇ ਆਪਣੇ ਸਾਥੀਆਂ ਨਾਲ ਮਿਲਕੇ ਇੱਕ ਸਾਲ ਵਿੱਚ ਲਗਾਤਾਰ ਪੰਜ ਵਾਰ ਖੂਨ ਦਾਨ ਕਰਨ ਦਾ ਟੀਚਾ ਮਿੱਥਿਆ ਸੀ ,ਜੋ ਕਿ ਅੱਜ ਖੂਨਦਾਨ ਕਰਨ ਉਪਰੰਤ ਪੂਰਾ ਕੀਤਾ ਗਿਆ। ਉਨਾਂ ਹੋਰਨਾਂ ਲੋਕਾਂ ਨੂੰ ਵੀ ਖੂਨਦਾਨ ਕਰਨ ਦੀ ਅਪੀਲ ਕੀਤੀ। ਕਸ਼ਬਾ ਸ਼ੇਰਪੁਰ ਦੇ ਜੰਮਪਲ ਫਨੀ ਇੰਸਾਂ ਜੋ ਕਿ ਖੂਨਦਾਨ ਵਿੱਚ ਇੰਡੀਆ ਬੁੱਕ ਆਫ ਰਿਕਾਰਡ ਵਿੱਚ ਆਪਣਾ ਨਾਮ ਦਰਜ ਕਰਵਾ ਚੁੱਕੇ ਹਨ । ਹੁਣ ਵੀ ਉਨਾਂ ਵੱਲੋਂ ਖੂਨਦਾਨ ਕਰਨ ਦੀ ਲੜੀ ਨੂੰ ਲਗਾਤਾਰ ਜਾਰੀ ਰੱਖਿਆ ਹੋਇਆ ਹੈ। ਉਨਾਂ ਵੱਲੋਂ ਲਗਾਤਾਰ ਤਿੰਨ ਮਹੀਨਿਆਂ ਬਾਅਦ ਖੂਨਦਾਨ ਕੀਤਾ ਜਾਂਦਾ




ਹੈ। ਇਸੇ ਤਹਿਤ ਹੀ ਉਹਨਾਂ ਨੇ ਬਾਪੂ ਮੱਘਰ ਸਿੰਘ ਜੀ ਇੰਟਰਨੈਸ਼ਨਲ ਬਲੱਡ ਬੈਂਕ ਸਰਸਾ ਵਿੱਚ ਪਹੁੰਚਕੇ ਖੂਨਦਾਨ ਕਰਕੇ ਆਪਣਾ ਟੀਚਾ ਪੂਰਾ ਕੀਤਾ। ਇਸੇ ਤਰ੍ਹਾਂ ਉਹਨਾਂ ਨਾਲ ਪਿੰਡ ਚਾਗਲੀ ਦੇ ਮਨਦੀਪ ਸਿੰਘ ਇੰਸਾਂ, ਸ਼ੇਰਪੁਰ ਤੇ ਹਰੀਸ਼ ਗੋਇਲ ਹੈਰੀ ਵੱਲੋਂ ਵੀ ਬਲੱਡ ਬੈਂਕ ਸਰਸਾ ਵਿੱਚ ਪਹੁੰਚਕੇ ਖੂਨ ਦਾਨ ਕੀਤਾ।

# ਅਧਿਕਾਰਾਂ ਦੇ ਨਾਲ ਨਾਲ ਫਰਜ਼ਾਂ ਨੂੰ ਪਹਿਚਾਨਣ ਦਾ ਸੱਦਾ

ਸੰਗਰੂਰ,14 ਦਸੰਬਰ (ਜਗਸੀਰ ਸਿੰਘ)-

